ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 25 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੨ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਾਂਗਰਸ ਨਾਲ ਸਬੰਧਤ ਸਾਬਕਾ ਮਹਿਲਾ ਸਰਪੰਚ ਦਾ ਗੋਲੀਆਂ ਮਾਰ ਕੇ ਕਤਲ

**ਮਾਨਸਾ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਜ਼ਿਲੇ ਦੇ ਪਿੰਡ ਖਿੱਲਣ ਵਿਚ ਕਾਂਗਰਸ ਪਾਰਟੀ ਨਾਲ ਸਬੰਧਤ ਇਕ ਸਾਬਕਾ ਮਹਿਲਾ ਸਰਪੰਚ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਪੁਲਸ ਨੇ ਔਰਤ ਦੀ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਜਾਂਚ ਲਈ ਮਾਨਸਾ ਦੇ ਸਿਵਲ ਹਸਪਤਾਲ ਪਹੁੰਚਾ ਦਿੱਤਾ ਹੈ। ਹਮਲਾਵਰਾਂ ਨੇ ਔਰਤ ਦੇ ਪਤੀ 'ਤੇ ਵੀ ਗੋਲੀਬਾਰੀ ਕੀਤੀ ਪਰ ਗੋਲੀ ਉਸਦੀ ਗੱਡੀ 'ਤੇ ਲੱਗਣ ਕਾਰਨ ਉਹ ਵਾਲ-ਵਾਲ ਬਚ ਗਿਆ। ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਕਤਲ ਦਾ ਕਾਰਨ ਨਿੱਜੀ ਰੰਜਿਸ਼ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਖਿੱਲਣ ਪਿੰਡ ਦੀ ਸਾਬਕਾ ਮਹਿਲਾ ਸਰਪੰਚ ਮਹਿੰਦਰਜੀਤ ਕੌਰ (45) ਅੱਜ ਬੁਢਲਾਡਾ ਤੋਂ ਪਿੰਡ ਛੱਡ ਕੇ ਵਾਪਸ ਆ ਰਹੀ ਸੀ ਜਦੋਂ ਉਸ ਨੂੰ ਇਸੇ ਤਰ੍ਹਾਂ ਦੇ ਪਿਛੋਕੜ ਵਾਲੇ ਗੁਆਂਢੀਆਂ ਨੇ ਗੋਲੀ ਮਾਰ ਦਿੱਤੀ। ਚਸ਼ਮਦੀਦਾਂ ਅਨੁਸਾਰ ਹਰਪ੍ਰੀਤ ਸਿੰਘ ਨੂੰ ਉਸਦੇ ਨੌਕਰ ਨੇ ਗੋਲੀਬਾਰੀ ਦੀ ਘਟਨਾ ਦੀ ਸੂਚਨਾ ਦਿੱਤੀ। ਜਿਵੇਂ ਹੀ ਉਹ ਆਪਣੀ ਗੱਡੀ ਲੈ ਕੇ ਪਿੰਡ ਪਹੁੰਚਿਆ, ਹਮਲਾਵਰਾਂ ਨੇ ਉਸ 'ਤੇ ਵੀ ਗੋਲੀਬਾਰੀ ਕਰ ਦਿੱਤੀ ਪਰ ਗੋਲੀ ਉਸਦੀ ਗੱਡੀ 'ਤੇ ਲੱਗਣ ਨਾਲ ਉਹ ਬਚ ਗਿਆ। ਦੱਸਿਆ ਜਾ ਰਿਹਾ ਹੈ ਕਿ ਹਰਪ੍ਰੀਤ ਸਿੰਘ ਦਾ ਪਰਿਵਾਰ ਨਿੱਜੀ ਰੰਜਿਸ਼ ਕਾਰਨ ਲੰਬੇ ਸਮੇਂ ਤੋਂ ਬੁਢਲਾਡਾ ਵਿਚ ਰਹਿ ਰਿਹਾ ਹੈ। ਉਹ ਅੱਜ ਪਿੰਡ ਪਹੁੰਚੇ ਕਿਉਂਕਿ ਉਨ੍ਹਾਂ ਕੋਲ ਉੱਥੇ ਜ਼ਮੀਨ ਅਤੇ ਘਰ ਹੈ। ਹਰਪ੍ਰੀਤ ਸਿੰਘ ਇਕ ਕਿਸਾਨ ਹੈ ਅਤੇ ਟਰਾਂਸਪੋਰਟ ਦਾ ਕੰਮ ਵੀ ਕਰਦਾ ਹੈ।

## ਧਮਾਕੇ ਨਾਲ ਰੇਲਵੇ ਲਾਈਨ ਨੂੰ ਉਡਾਉਣ ਦੀ ਕੀਤੀ ਗਈ ਕੋਸ਼ਿਸ਼

# ਸਰਹਿੰਦ ਰੇਲਵੇ ਲਾਈਨ 'ਤੇ ਵੱਡਾ ਧਮਾਕਾ

**ਸ੍ਰੀ ਫ਼ਤਹਿਗੜ੍ਹ ਸਾਹਿਬ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਫਤਿਹਗੜ੍ਹ ਸਾਹਿਬ 'ਚ ਸਰਹਿੰਦ ਰੇਲਵੇ ਲਾਈਨ 'ਤੇ ਵੱਡਾ ਧਮਾਕਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਧਮਾਕੇ ਨਾਲ ਰੇਲਵੇ ਲਾਈਨ ਨੂੰ ਉਡਾਉਣ ਦੀ ਕੋਸ਼ਿਸ਼ ਕੀਤੀ ਗਈ। ਡੀਐਫਸੀ ਕਮਰਸ਼ੀਅਲ ਪ੍ਰਾਈਵੇਟ ਰੇਲਵੇ ਲਾਈਨ ਨੂੰ ਟਾਰਗੇਟ ਕੀਤਾ ਗਿਆ। ਇਹ ਘਟਨਾ ਬੀਤੀ ਰਾਤ ਦੀ ਦੱਸੀ ਜਾ ਰਹੀ ਹੈ। ਫਿਲਹਾਲ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਧਮਾਕੇ 'ਤੇ ਡੀਆਈਜੀ ਰੇਂਜ ਰੋਪੜ ਨੇ ਦੱਸਿਆ ਕਿ ਧਮਾਕੇ ਦੀ ਤੀਬਰਤਾ ਬਹੁਤ ਘੱਟ ਸੀ। ਇਸ ਸਬੰਧੀ ਜਾਂਚ ਕੀਤੀ ਜਾ ਰਹੀ ਹੈ ਜਲਦ



ਹੀ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ। ਇਸ ਧਮਾਕੇ ਕਾਰਨ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਹਾਲਾਂਕਿ ਇਸ ਧਮਾਕੇ ਦੇ ਕਾਰਨ ਡਰਾਈਵਰ ਨੂੰ ਮਾਮੂਲੀ ਸੱਟਾਂ ਲੱਗੀਆਂ ਸੀ ਉਹ ਵੀ ਹੁਣ ਠੀਕ ਹਨ। ਜਾਂਚ ਲਈ ਏਜੰਸੀਆਂ ਨੂੰ ਬੁਲਾਇਆ ਗਿਆ ਹੈ। ਇਸ ਸਮੇਂ ਹੋਰ ਕੁਝ ਨਹੀਂ ਕਿਹਾ ਜਾ ਸਕਦਾ।

ਉੱਥੇ ਹੀ ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਚਿੰਤਾ ਜਾਹਿਰ ਕਰਦੇ ਹੋਏ ਕਿਹਾ ਕਿ ਪੰਜਾਬ 'ਚ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਹੋਇਆ। ਪ੍ਰੈਸ ਕਾਨਫਰੰਸ ਕਰਨ ਦੇ ਲਈ ਡੀਜੀਪੀ ਨੂੰ ਰੱਖ ਲਿਆ ਹੈ ਪਰ ਪੰਜਾਬ 'ਚ ਕਾਨੂੰਨ ਵਿਵਸਥਾ ਲਗਾਤਾਰ ਵਿਗੜਦੀ ਜਾ ਰਹੀ ਹੈ। ਸਰਹੱਦ ਵਿਖੇ ਰੇਲਵੇ ਲਾਈਨ 'ਤੇ ਹੋਏ ਧਮਾਕੇ ਲਈ ਪੰਜਾਬ ਪੁਲਿਸ ਇੰਟੈਲੀਜੈਂਸ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ।

## ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਉਦਯੋਗ ਅਤੇ ਵਪਾਰ ਵਿੰਗ ਦੀ ਕੋਰ ਕਮੇਟੀ ਦਾ ਐਲਾਨ

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਉਦਯੋਗ ਅਤੇ ਵਪਾਰ ਵਿੰਗ ਦੇ ਪ੍ਰਧਾਨ ਅਤੇ ਪਾਰਟੀ ਦੇ ਖਜਾਨਚੀ ਐਨ.ਕੇ.ਸ਼ਰਮਾ ਨਾਲ ਸਲਾਹ ਮਸ਼ਵਰੇ ਤੋਂ ਬਾਅਦ ਉਦਯੋਗ ਅਤੇ ਵਪਾਰ ਵਿੰਗ ਦੀ ਕੋਰ ਕਮੇਟੀ ਦਾ ਐਲਾਨ ਕਰ ਦਿੱਤਾ। ਅੱਜ ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਵਪਾਰ ਅਤੇ ਉਦਯੋਗ ਵਿੰਗ ਦੇ ਪ੍ਰਧਾਨ ਐਨ.ਕੇ.ਸ਼ਰਮਾ ਨੇ ਦੱਸਿਆ ਕਿ ਨਵ-ਗਠਿਤ ਕੀਤੀ ਜਾ ਰਹੀ ਇਸ ਵਿੰਗ ਦੀ ਕੋਰ ਕਮੇਟੀ ਵਿੱਚ ਉਦਯੋਗ ਅਤੇ ਵਪਾਰ ਵਿੰਗ ਨਾਲ ਸਬੰਧਤ ਪਾਰਟੀ ਦੇ ਸੀਨੀਅਰ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਹੈ। ਜਿਹਨਾਂ ਵਿੱਚ ਐਡਵੋਕੇਟ ਸ਼੍ਰੀ ਹਰੀਸ਼ ਰਾਏ ਢਾਂਡਾ ਸਾਬਕਾ ਵਿਧਾਇਕ, ਅਮਿਤ ਕਪੂਰ ਅੰਮ੍ਰਿਤਸਰ, ਕਮਲ ਚੇਤਲੀ ਲੁਧਿਆਣਾ, ਆਰ.ਡੀ.ਸ਼ਰਮਾ ਲੁਧਿਆਣਾ, ਰਜਿੰਦਰ ਸਿੰਘ ਮਰਵਾਹਾ ਅੰਮ੍ਰਿਤਸਰ, ਪ੍ਰੇਮ ਕੁਮਾਰ ਅਰੋੜਾ ਮਾਨਸਾ, ਰਣਜੀਤ ਸਿੰਘ ਖੁਰਾਣਾ ਫਗਵਾੜਾ, ਗੁਰਮੀਤ ਸਿੰਘ ਕੁਲਾਰ ਲੁਧਿਆਣਾ, ਸੰਜੀਵ ਸ਼ੌਰੀ ਬਰਨਾਲਾ, ਸੰਜੀਵ ਤਲਵਾੜ ਹੁਸ਼ਿਆਰਪੁਰ, ਪਰਮਜੀਤ ਸਿੰਘ ਮੱਕੜ ਰੋਪੜ, ਹਰਜੀਤ ਸਿੰਘ ਸੀ.ਏ ਮੋਹਾਲੀ, ਐਡਵੋਕੇਟ ਪਰਮਵੀਰ ਸਿੰਘ ਸੰਨੀ ਅਤੇ ਪ੍ਰੇਮ ਵਲੈਚਾ ਜਲਾਲਾਬਾਦ ਦੇ ਨਾਮ ਸ਼ਾਮਲ ਹਨ।



## 'ਸਿਹਤ ਬੀਮਾ ਯੋਜਨਾ' ਨੂੰ ਲੈ ਕੇ ਅਕਾਲੀ ਦਲ ਨੇ ਘੇਰੀ ਪੰਜਾਬ ਸਰਕਾਰ, ਲਾਏ ਵੱਡੇ ਇਲਜ਼ਾਮ



**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਅਹਿਮ ਮੀਟਿੰਗ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਦੌਰਾਨ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਸੂਬਾ ਸਰਕਾਰ 'ਤੇ ਗੰਭੀਰ ਇਲਜ਼ਾਮ ਲਾਏ ਹਨ। ਮੀਟਿੰਗ ਮਗਰੋਂ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਗੂ ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਇਸ ਸਮੇਂ ਪੰਜਾਬ 'ਚ ਬਹੁਤ ਜ਼ਿਆਦਾ ਭ੍ਰਿਸ਼ਟਾਚਾਰ ਫੈਲਿਆ ਹੋਇਆ ਹੈ। ਹੁਣ ਸੂਬੇ 'ਚ ਚੋਣਾਂ ਦਾ ਬਿਗੁਲ ਵੱਜ ਗਿਆ ਹੈ ਅਤੇ ਅਸੀਂ ਆਪਣੀ ਕਾਰਗੁਜ਼ਾਰੀ ਦੇ ਨਾਲ-ਨਾਲ ਸਰਕਾਰ ਦਾ ਨਾਂ ਪੱਖੀ ਵਰਤਾਰੇ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਦਲਜੀਤ ਸਿੰਘ ਚੀਮਾ ਨੇ ਵੱਡਾ ਇਲਜ਼ਾਮ ਲਾਉਂਦਿਆਂ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਨੂੰ ਲੋਕਾਂ ਨਾਲ ਸਿੱਧਾ ਧੋਖਾ ਦੱਸਿਆ ਹੈ ਅਤੇ ਸਰਕਾਰ ਇਸ ਨਾਲ ਲੋਕਾਂ ਦਾ ਡਾਟਾ ਸਿਰਫ ਚੋਣਾਂ ਲਈ ਇਕੱਠਾ ਕਰਨਾ ਚਾਹੁੰਦੀ ਹੈ ਅਤੇ ਇਹ ਸਕੀਮ ਲਾਗੂ ਨਹੀਂ ਹੋਵੇਗੀ ਕਿਉਂਕਿ ਜੇਕਰ ਸਰਕਾਰ ਕੋਲ ਦੇਣ ਲਈ ਪੈਸਾ ਹੀ ਨਹੀਂ ਹੈ ਤਾਂ ਇਹ ਸਕੀਮ ਕਿਵੇਂ ਚੱਲ ਸਕਦੀ ਹੈ। ਇਹ ਲੋਕਾਂ ਨੂੰ ਨੀਵਾਂ ਦਿਖਾਉਣ ਦੀ ਇਕ ਕੋਝੀ ਹਰਕਤ ਹੈ ਅਤੇ ਅਸੀਂ ਸਰਕਾਰ ਨੂੰ ਚਿਤਾਵਨੀ ਦਿੰਦੇ ਹਾਂ ਕਿ ਸਰਕਾਰ ਨੂੰ ਇਹੋਜਿਹੇ ਹੱਥ ਕੰਡੇ ਵਰਤਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਪੰਜਾਬ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਦਿਆਂ ਦਲਜੀਤ ਚੀਮਾ ਨੇ ਕਿਹਾ ਕਿ ਵਿੱਤ ਕਮਿਸ਼ਨ ਦੀਆਂ ਗ੍ਰਾਂਟਾਂ ਪੰਚਾਇਤਾਂ ਕੋਲ ਪੁੱਜੀਆਂ ਹਨ। ਸੰਵਿਧਾਨਕ ਤੌਰ 'ਤੇ ਪੰਚਾਇਤਾਂ ਇਨ੍ਹਾਂ ਗ੍ਰਾਂਟਾਂ ਦੀਆਂ ਹੱਕਦਾਰ ਹਨ ਪਰ ਸਰਕਾਰ ਵਲੋਂ ਪੰਚਾਇਤਾਂ 'ਤੇ ਦਬਾਅ ਪਾਇਆ ਜਾ ਰਿਹਾ ਹੈ। ਪਿੰਡਾਂ ਦੇ ਟਿਊਬਵੈੱਲ ਕਾਰਪੋਰੇਸ਼ਨਾਂ ਦੇ ਲੱਖਾਂ ਦੇ ਬਿੱਲ ਪੈਂਡਿੰਗ ਹਨ ਅਤੇ ਸਰਕਾਰ ਵਿੱਤ ਕਮਿਸ਼ਨ ਦੀ ਗ੍ਰਾਂਟ ਨਾਲ ਧੱਕੇ ਨਾਲ ਇਹ ਬਿੱਲ ਤਾਰਨ ਲਈ ਕਹਿ ਰਹੀ ਹੈ ਅਤੇ ਸਾਡੀ ਪਾਰਟੀ ਇਸ ਦਾ ਪੂਰੀ ਤਰ੍ਹਾਂ ਵਿਰੋਧ ਕਰਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਪਾਰਟੀ ਦੇ ਜੱਥੇਦਾਰਾਂ ਨੂੰ 10 ਫਰਵਰੀ ਤੱਕ ਡੈੱਡਲਾਈਨ ਦਿੱਤੀ ਹੈ ਅਤੇ ਸਾਰੇ ਜ਼ਿਲ੍ਹਿਆਂ 'ਚ ਸਰਕਲ ਪ੍ਰਧਾਨ ਬਣਾਏ ਜਾਣੇ ਹਨ। ਚੀਮਾ ਨੇ ਕਿਹਾ ਕਿ ਜਿਹੜੇ ਵਰਕਰਾਂ ਦੀ ਜ਼ਿਲ੍ਹਾ ਪ੍ਰੀਸ਼ਦ, ਪੰਚਾਇਤ ਸੰਮਤੀ ਦੀਆਂ ਚੋਣਾਂ ਲੜੀਆਂ ਜਾਂ ਸਰਪੰਚ ਚੁਣੇ ਗਏ, ਉਨ੍ਹਾਂ ਨੂੰ ਵਿਸ਼ੇਸ਼ ਅਹਿਮੀਅਤ ਦਿੱਤੀ ਜਾਵੇਗੀ। ਨਗਰ ਨਿਗਮ ਦੀਆਂ ਚੋਣਾਂ ਲਈ ਵੀ ਹਰ ਜ਼ਿਲ੍ਹੇ ਅਤੇ ਕਸਬੇ 'ਚ ਬੂਥ ਲੈਵਲ 'ਤੇ ਕਮੇਟੀਆਂ ਬਣਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਭਰ 'ਚ ਪਾਰਟੀ ਵਲੋਂ ਫਰਵਰੀ ਮਹੀਨੇ ਰੈਲੀਆਂ ਸ਼ੁਰੂ ਕੀਤੀਆਂ ਜਾਣਗੀਆਂ।

## ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ 'ਚ 'ਵਜ਼ੂ' ਕਰਨ ਵਾਲਾ ਨੌਜਵਾਨ ਗਾਜ਼ੀਆਬਾਦ ਤੋਂ ਗ੍ਰਿਫ਼ਤਾਰ

**ਨਵੀਂ ਦਿੱਲੀ 24 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ 'ਚ 'ਵਜ਼ੂ' ਕਰਨ ਵਾਲੇ ਨੌਜਵਾਨ ਨੂੰ ਗਾਜ਼ੀਆਬਾਦ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਕੁੱਝ ਨਿਹੰਗ ਸਿੰਘ ਜਥੇਬੰਦੀਆਂ ਵੀ ਗਾਜ਼ੀਆਬਾਦ ਪੁਲਿਸ ਥਾਣੇ ਪਹੁੰਚੀਆਂ ਹਨ ਅਤੇ ਪੰਜਾਬ ਪੁਲਿਸ ਆਰੋਪੀ ਸੁਬਹਾਨ ਰੰਗਰੀਜ਼ ਨੂੰ ਜਲਦ ਪੰਜਾਬ ਲਿਆ ਸਕਦੀ ਹੈ। ਦਰਅਸਲ 'ਚ ਕੁਝ ਨਿਹੰਗ ਸਿੰਘ ਜਥੇਬੰਦੀਆਂ ਨੇ ਗਾਜ਼ੀਆਬਾਦ ਪੁਲਿਸ ਸਟੇਸ਼ਨ ਵਿੱਚ ਨੌਜਵਾਨ ਖਿਲਾਫ਼ ਸ਼ਿਕਾਇਤ ਦਰਜ ਕਰਵਾਈ ਸੀ। ਜਿਸ ਤੋਂ ਬਾਅਦ ਇਹ ਕਾਰਵਾਈ ਹੋਈ ਹੈ। ਉਧਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨੇ ਵੀ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ




ਸਰੋਵਰ ਵਿੱਚ ਬੇਅਦਬੀ ਕਰਨ ਵਾਲੇ ਨੌਜਵਾਨ ਵਿਰੁੱਧ ਐਫਆਈਆਰ ਦਰਜ ਕਰਵਾਈ ਹੈ। ਸ਼੍ਰੋਮਣੀ ਕਮੇਟੀ ਦੇ ਅਨੁਸਾਰ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਉਕਤ ਨੌਜਵਾਨ ਮੱਥਾ ਟੇਕਣ ਨਹੀਂ ਬੇਅਦਬੀ ਦੇ ਇਰਾਦੇ ਨਾਲ ਆਇਆ ਸੀ। ਉਹ ਸ੍ਰੀ ਹਰਿਮੰਦਰ ਸਾਹਿਬ ਵਿੱਚ ਲਗਭਗ 20 ਮਿੰਟ ਰਿਹਾ ਪਰ ਉਸਨੇ ਮੱਥਾ ਨਹੀਂ ਟੇਕਿਆ। ਨਿਹੰਗ ਸਿੰਘ ਜਥੇਬੰਦੀਆਂ ਦਾ ਕਹਿਣਾ ਹੈ ਕਿ ਨੌਜਵਾਨ ਦੇ ਇਸ ਕੰਮ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਿੱਖ ਭਾਈਚਾਰੇ 'ਤੇ ਅਕਸਰ ਕਾਨੂੰਨ ਨੂੰ ਆਪਣੇ ਹੱਥਾਂ ਵਿੱਚ ਲੈਣ ਦਾ ਇਲਜ਼ਾਮ ਲਗਾਇਆ ਜਾਂਦਾ ਹੈ। ਇਸ ਲਈ ਉਨ੍ਹਾਂ ਨੇ ਪਹਿਲਾਂ ਕਾਨੂੰਨ ਦੇ ਦਾਇਰੇ ਵਿੱਚ ਪੁਲਿਸ ਨਾਲ ਸੰਪਰਕ ਕੀਤਾ। ਨਿਹੰਗਾਂ ਨੇ ਕਿਹਾ ਕਿ ਉਨ੍ਹਾਂ ਕੋਲ ਨੌਜਵਾਨ ਬਾਰੇ ਪੂਰੀ ਜਾਣਕਾਰੀ ਹੈ ਅਤੇ ਉਹ ਚਾਹੁੰਦੇ ਹਨ ਕਿ ਉਹ ਸਿੱਖ ਪਰੰਪਰਾ ਅਨੁਸਾਰ ਜਨਤਕ ਤੌਰ 'ਤੇ ਮੁਆਫੀ ਮੰਗੇ। ਦੱਸ ਦੇਈਏ ਕਿ ਸ਼੍ਰੋਮਣੀ ਕਮੇਟੀ ਨੇ ਧਾਰਮਿਕ ਭਾਵਨਾਵਾਂ ਦਾ ਹਵਾਲਾ ਦਿੰਦੇ ਹੋਏ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਰੀਲਾਂ ਬਣਾਉਣ 'ਤੇ ਪਹਿਲਾਂ ਹੀ ਪਾਬੰਦੀ ਲਗਾ ਦਿੱਤੀ ਹੈ। ਇਸ ਲਈ ਸੇਵਾਦਾਰਾਂ ਨੂੰ ਉੱਥੇ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸੇ ਨੂੰ ਵੀ ਅਜਿਹੀਆਂ ਇਤਰਾਜ਼ਯੋਗ ਵੀਡੀਓ ਬਣਾਉਣ ਦੀ ਇਜਾਜ਼ਤ ਨਾ ਹੋਵੇ। ਇਸ ਸਬੰਧ ਵਿੱਚ ਇੱਕ 13 ਸਕਿੰਟ ਦੀ ਰੀਲ ਵਾਇਰਲ ਹੋ ਰਹੀ ਹੈ। ਇਸ ਵਿੱਚ ਇੱਕ ਨੌਜਵਾਨ ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ ਵਿੱਚ 'ਵਜ਼ੂ' ਕਰਦਾ ਦਿਖਾਈ ਦੇ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਨੌਜਵਾਨ ਵੱਲੋਂ ਕੀਤੀ ਗਈ ਕਾਰਵਾਈ ਮਰਿਆਦਾ ਦੇ ਖਿਲਾਫ ਹੈ। ਸ੍ਰੀ ਹਰਿਮੰਦਰ ਸਾਹਿਬ ਸਿੱਖ ਧਰਮ ਦਾ ਸਭ ਤੋਂ ਉੱਚਾ ਅਤੇ ਪਵਿੱਤਰ ਧਾਰਮਿਕ ਸਥਾਨ ਹੈ। ਅਜਿਹੀਆਂ ਘਟਨਾਵਾਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਨਾ ਸਿਰਫ਼ ਸਿੱਖਾਂ ਲਈ ਸਗੋਂ ਸਾਰੀ ਮਨੁੱਖਤਾ ਲਈ ਆਸਥਾ ਦਾ ਪ੍ਰਤੀਕ ਹੈ। ਇੱਥੇ ਸਜਾਵਟ ਪਰੰਪਰਾਵਾਂ ਅਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਣੀ ਚਾਹੀਦੀ ਹੈ।

## ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਸਿੱਖਾਂ ਦੀ ਘੱਟ ਰਹੀ ਅਬਾਦੀ 'ਤੇ ਚਿੰਤਾ ਦਾ ਪ੍ਰਗਟਾਵਾ, ਕਿਹਾ - ਸਿੱਖਾਂ ਦੀ ਬਾਗ ਫੁਲਵਾੜੀ ਵਧਣੀ ਚਾਹੀਦੀ ਹੈ

**ਅੰਮ੍ਰਿਤਸਰ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਦੀ ਲਗਾਤਾਰ ਘੱਟ ਰਹੀ ਅਬਾਦੀ 'ਤੇ ਗਹਿਰੀ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਗਿਣਤੀ ਵਿੱਚ ਆ ਰਹੀ ਕਮੀ ਕੌਮ ਲਈ ਗੰਭੀਰ ਚੁਣੌਤੀ ਬਣਦੀ ਜਾ ਰਹੀ ਹੈ, ਜਿਸ ਵੱਲ ਹਰ ਸਿੱਖ ਨੂੰ ਸੰਵੇਦਨਸ਼ੀਲਤਾ ਨਾਲ ਧਿਆਨ ਦੇਣ ਦੀ ਲੋੜ ਹੈ। ਇਸ ਸੰਦਰਭ ਵਿੱਚ ਜਥੇਦਾਰ ਨੇ ਸਿੱਖ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਘੱਟੋ-ਘੱਟ ਤਿੰਨ ਜਾਂ ਉਸ ਤੋਂ ਵੱਧ ਬੱਚੇ ਪੈਦਾ ਕਰਨ ਬਾਰੇ ਸੋਚਣ ਤਾਂ ਜੋ ਭਵਿੱਖ ਵਿੱਚ ਕੌਮ ਦੀ ਮਜ਼ਬੂਤੀ ਬਰਕਰਾਰ ਰਹੇ। ਇੱਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਗੜਗੱਜ ਨੇ ਸਪਸ਼ਟ ਕੀਤਾ ਕਿ ਮੁੱਖ ਮੰਤਰੀ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਨੂੰ ਦਿੱਤੀਆਂ ਗਈਆਂ ਸ਼ਿਕਾਇਤਾਂ ਇਸ ਸਮੇਂ ਸ੍ਰੀ ਤਖ਼ਤ ਸਾਹਿਬ ਦੇ ਵਿਚਾਰ ਅਧੀਨ ਹਨ। ਉਨ੍ਹਾਂ ਮੀਡੀਆ ਅਦਾਰਿਆਂ ਨੂੰ ਤਾਕੀਦ ਕੀਤੀ ਕਿ ਕਿਸੇ ਵੀ ਤਰ੍ਹਾਂ ਦਾ ਮੀਡੀਆ ਟਰਾਇਲ ਕਰਨ ਤੋਂ ਪਰਹੇਜ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਮੀਡੀਆ ਅਦਾਰਾ ਇਹਨਾਂ ਸ਼ਿਕਾਇਤਾਂ ਸਬੰਧੀ ਕੋਈ ਖ਼ਬਰ ਬਿਨ੍ਹਾਂ ਤੱਥਾਂ ਤੋਂ ਪ੍ਰਕਾਸ਼ਿਤ ਕਰਦਾ ਹੈ ਤਾਂ ਉਸਨੂੰ ਅਜਿਹੇ ਕੰਮਾਂ ਤੋ ਪਰਹੇਜ਼ ਕਰਨਾ ਚਾਹੀਦਾ ਹੈ। ਇਸ ਦੌਰਾਨ ਭਾਰਤੀ ਫੌਜ ਵਿੱਚ ਰੂਪਨਗਰ ਜ਼ਿਲ੍ਹੇ ਦੇ ਨੌਜਵਾਨ ਜੋਬਨਜੀਤ ਸਿੰਘ ਦੀ ਸ਼ਹੀਦੀ 'ਤੇ ਦੁੱਖ ਪ੍ਰਗਟਾਉਂਦਿਆਂ ਜਥੇਦਾਰ ਨੇ ਕਿਹਾ ਕਿ ਇਹ ਬੜੇ ਅਫ਼ਸੋਸ ਦੀ ਗੱਲ ਹੈ ਕਿ ਦੇਸ਼ ਦੀ ਰੱਖਿਆ ਕਰਦਿਆਂ ਇੱਕ ਪਰਿਵਾਰ ਦਾ ਨੌਜਵਾਨ ਪੁੱਤ ਸ਼ਹੀਦ ਹੋ ਗਿਆ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਅਜਿਹੇ ਸੂਰਮਿਆਂ 'ਤੇ ਮਾਣ ਹੈ। ਜਥੇਦਾਰ ਨੇ ਦੱਸਿਆ ਕਿ ਉਹ ਅੱਜ ਹੀ ਸ਼ਹੀਦ ਦੇ ਪਰਿਵਾਰ ਨਾਲ ਮਿਲ ਕੇ ਉਨ੍ਹਾਂ ਦੇ ਦੁੱਖ ਵਿੱਚ ਸਾਂਝ ਪਾਉਣਗੇ।





ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਭਾਈ ਅੰਮ੍ਰਿਤਪਾਲ ਸਿੰਘ ਜੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
22 ਜਨਵਰੀ 2026, ਦਿਨ ਵੀਰਵਾਰ, ਸ਼ਾਮ 4 ਵਜੇ
ਭੋਗ
24 ਜਨਵਰੀ 2026, ਦਿਨ ਸ਼ਨੀਵਾਰ, ਸ਼ਾਮ 4 ਵਜੇ





!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026 ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ ਕੋਠੇ ਹਰਿ ਰਾਏ ਸਾਹਿਬ ਜੀ ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਸ਼ਹੀਦੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ
ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ
ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ,
ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ
ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਵੱਲੋਂ
21 ਸਭਾਗੇ ਜੋੜਿਆਂ ਦੇ ਅਨੰਦ ਕਾਰਜ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 22 ਫਰਵਰੀ 2026
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
ਸਥਾਨ -
ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ
ਦਾਦੂ ਸਾਹਿਬ
ਨੇੜੇ ਕਾਲਾਂਵਾਲੀ ਮੰਡੀ,
ਜ਼ਿਲ੍ਹਾ ਸਿਰਸਾ (ਹਰਿਆਣਾ)
LIVE ON
Akaal
CHARDIKLA TIME TV
ਆਵਾਜ਼ਿ ਕੌਮ AWAZE QAUM TV
YouTube
ਲੋੜਵੰਦ ਪ੍ਰੀਵਾਰ ਆਪਣੀਆਂ ਬੱਚੀਆਂ ਦੇ ਨਾਮ 15 ਜਨਵਰੀ ਤੋਂ
ਪਹਿਲਾਂ ਪਹਿਲਾਂ ਦਰਜ ਕਰਵਾਉਣ ਦੀ ਕਿਰਪਾਲਤਾ ਕਰੋ ਜੀ
ਬੇਨਤੀ ਕਰਤਾ - ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 97791-72813
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)


ਅਨੌਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਸਲਾਨਾ ਗੁਰਮਤਿ ਸਮਾਗਮ
ਪਿੰਡ ਅਤਲਾ ਖੁਰਦ ਵਿਖੇ ਮਿਤੀ 27 ਜਨਵਰੀ ਨੂੰ ਸਵੇਰੇ 8 ਤੋਂ 12 ਵਜੇ ਤੱਕ ਕਰਵਾਇਆ ਜਾ ਰਿਹਾ ਹੈ।
ਜਥੇਦਾਰ ਬਾਬਾ ਬਲਵੀਰ ਸਿੰਘ ਜੀ
ਗਿਆਨੀ ਗੁਰਮੁਖ ਸਿੰਘ
ਹੈੱਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ
ਜਸਕਰਨ ਸਿੰਘ ਕਾਹਨ ਸਿੰਘ ਵਾਲਾ
ਪ੍ਰੋ. ਗੁਰਤੇਜ ਸਿੰਘ ਤੇਜੀ
ਕਰਮ ਸਿੰਘ ਅਤਲਾ ਇੰਗਲੈਂਡ
ਭਾਈ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ
ਰਾਮ ਖਿਆਲਾ
ਸੁਖਰਾਜ ਸਿੰਘ ਅਤਲਾ
ਸੁਖਚੈਨ ਸਿੰਘ ਅਤਲਾ
ਮੁੱਖ ਸੇਵਾਦਾਰ
ਗੁਰੂ ਕਾ ਲੰਗਰ ਅਤੁੱਟ ਵਰਤੇਗਾ।
ਭਾਈ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਵਾਉਣਗੇ।
ਬੀਬੀ ਸੁਖਜੀਤ ਕੌਰ ਅਤਲਾ
M. 89683-37778, 97811-73811
ਵੱਲੋਂ: ਮੁੱਖ ਸੇਵਾਦਾਰ ਸੁਖਚੈਨ ਸਿੰਘ ਅਤਲਾ, ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ (ਪੰਜਾਬ)



ਰੋਜ਼ਾਨਾ ਸਵਾ ਲੱਖ
ਮੂਲ ਮੰਤਰ ਜਾਪ
ਨਾਮ ਰਸੀਏ ਅਸੀਸਾਂ ਬਖ਼ਸ਼ਣ
ਨਾਮ ਅਭਿਆਸੀ ਹਾਜ਼ਰੀਆਂ ਭਰਨ
ਰੋਜ਼ਾਨਾ 125 ਪਾਠ
ਸੁਖਮਨੀ ਸਾਹਿਬ
ਗੁਰ ਭਗਤੀ ਸ਼ਬਦ ਜਾਪ
ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ
ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ
36 ਦਿਨ, 36 ਬਾਣੀਆਂ, 36 ਵਿਦਵਾਨ
31 ਜਨਵਰੀ 2026
ਵਿਸ਼ਾ: ਸਵਯੇ ਸ੍ਰੀ ਮੁਖਬਾਕ੍ਯ
ਮਹਲਾ ੫
ਰਾਗੀ ਸੰਤੋਖ ਸਿੰਘ
ਜਥੇਦਾਰ ਬਾਬਾ ਬਲਜੀਤ ਸਿੰਘ
ਦਾਦੂਵਾਲ
ਆਵਾਜ਼ਿ ਕੌਮ AWAZE QAUM
International Newspaper & WEB TV
ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜਨਮ ਦਿਹਾੜਾ ਭਾਈ ਹਿੰਮਤ ਸਿੰਘ ਸਾਹਿਬ ਜੀ। ☛ ਸਲਾਨਾ ਬਰਸੀ ਸੰਤ ਬਾਬਾ ਅਤਰ ਸਿੰਘ ਸਾਹਿਬ ਰਾੜਾ ਸਾਹਿਬ ਵਾਲੇ। ☛ ਸਲਾਨਾ ਬਰਸੀ ਸੰਤ ਬਾਬਾ ਸੇਵਾ ਸਿੰਘ ਕਾਰ ਸੇਵਾ ਸ਼੍ਰੀ ਅਨੰਦਪੁਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



**ਸ਼ਨਿੱਚਰਵਾਰ 24 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 25 ਜਨਵਰੀ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਹਰਜ਼ਸਨ ਸਿੰਘ ਜੀ ਹਜ਼ੂਰੀ ਜਥਾ ਗੁ: ਬਾਬਾ ਦੀਪ ਸਿੰਘ ਸਾਹਿਬ ਜੀ ਕਾਜਲਮੋਰਾਨੋ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap


26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਹਰਮਿੰਦਰ ਸਿੰਘ ਸੰਧੂ ਦਾ ਕਤਲ ਖ਼ਾਲਸਾ ਰਾਜ ਦਾ ਕਤਲ ਹੈ

# ਪੰਥ ਨੇ ਇੱਕ ਬਹੁਤ ਸਿਆਣਾ ਆਗੂ ਗਵਾ ਲਿਆ ਹੈ : ਪੰਜੋਲੀ



ਮੈਂ ਇਹ ਖਬਰ ਬੀ ਬੀ ਸੀ ਲੰਡਨ ਰਾਹੀ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਆਗੂ ਭਾਈ ਅਮਰੀਕ ਸਿੰਘ ਲੰਗ ਦੀ ਅੰਤਮ ਅਰਦਾਸ ਮੌਕੇ ਪਿੰਡ ਲੰਗ ਵਿਖੇ ( ਜ਼ਿਲਾ ਪਟਿਆਲਾ ) ਸੁਣੀ ਸੀ । ਭਾਈ ਅਮਰੀਕ ਸਿੰਘ ਲੰਗ ਦਾ ਕਤਲ ਵੀ ਖਾੜਕੂਆ ਨੇ ਹੀ ਕੀਤਾ ਸੀ ।ਪੱਤਰਕਾਰਾਂ ਨੇ ਭਾਈ ਸੰਧੂ ਦੇ ਕਤਲ ਵਾਰੇ ਮੈਨੂੰ ਪੁਛਿਆ ਕਿ ਤੁਸੀਂ ਇਸ ਕਤਲ ਵਾਰੇ ਕੀ ਕਹੋਗੇ ਮੈ ਉਸ ਸਮੇ ਕਿਹਾ ਸੀ ਕਿ ਭਾਈ ਸੰਧੂ ਦਾ ਕਤਲ ਖ਼ਾਲਸਾ ਰਾਜ ਦਾ ਕਤਲ ਹੈ । ਮੈ ਉਸ ਸਮੇ ਇਹ ਵੀ ਕਿਹਾ ਸੀ ਸੰਧੂ ਦਾ ਕਤਲ ਸਾਨੂੰ ਭਰਾ ਮਾਰੂ ਜੰਗ ਵੱਲ ਵੀ ਧਕੇਲੇਗਾ ਅਤੇ ਖਾੜਕੂ ਲਹਿਰ ਵੀ ਪਤਨ ਵੱਲ ਜਾਏਗੀ ।ਜੇ ਅੱਜ ਸੰਧੂ ਜਿਊਂਦਾ ਹੁੰਦਾ ਤਾ ਪੰਥ ਵਿੱਚ ਪਏ ਖਲਾਰੇ ਸਮੇਂ ਉਹ ਪੰਥ ਨੂੰ ਯੋਗ ਅਗਵਾਈ ਦੇਣ ਦੇ ਸਮਰੱਥ ਸੀ ।ਉਸ ਦੀ ਅਗਵਾਈ ਵਿੱਚ ਨਵੀ ਲੀਡਰਸਿੱਪ ਪੈਦਾ ਹੋਣ ਦੀ ਪੁਰੀ ਸੰਭਾਵਨਾ ਸੀ ।ਸੰਧੂ ਬਹੁਤ ਸਿਆਣਾ ਆਗੂ ਸੀ ਜਿਹੜਾ ਕੌਮ ਨੂੰ ਕਿਸੇ ਤਣ ਪੱਤਣ ਲਗਾ ਸਕਦਾ ਸੀ ।ਉਸ ਦਾ ਸਬਰ ਅਤੇ ਸਿਦਕ ਕੌਮ ਨੂੰ ਜ਼ਰੂਰ ਕੁੱਝ ਪ੍ਰਾਪਤ ਕਰਨ ਦੀ ਸਮਰੱਥਾ ਰੱਖਦਾ ਸੀ । ਉਸ ਦੀ ਸਿਆਣਪ ਹੀ ਉਸ ਦੀ ਦੁਸਮਨ ਬਣ ਗਈ ।ਸੰਧੂ ਦੇ ਕਤਲ ਨੇ ਜੁਝਾਰੂ ਸੋਚ ਨੂੰ ਨਿਰਾਸ਼ ਅਤੇ ਉਦਾਸ ਕੀਤਾ ।ਸੰਧੂ ਦੇ ਕਤਲ ਤੋ ਬਾਅਦ ਭਰਾਮਾਰੂ ਜੰਗ ਸ਼ੁਰੂ ਹੋਈ ਜਿਸ ਵਿੱਚ ਬਹੁਤ ਸਾਰੇ ਅਕਾਲੀ ਆਗੂ ਵੀ ਸ਼ਹੀਦ ਹੋ ਗਏ ਅਤੇ ਬਹੁਤ ਸਾਰੇ ਫੈਡਰੇਸ਼ਨ ਦੇ ਉਹ ਆਗੂ ਵੀ ਸ਼ਹੀਦ ਕਰ ਦਿੱਤੇ ਗਏ ਜਿਹੜੇ ਖਾੜਕੂਆ ਦੀਆ ਲਾਸ਼ਾਂ ਚੁੱਕਦੇ , ਸਸਕਾਰ ਕਰਦੇ ਅਤੇ ਅੰਤਮ ਅਰਦਾਸ ਦੇ ਸਮਾਗਮਾ ਦਾ ਪ੍ਰਬੰਧ ਵੀ ਕਰਦੇ ਸਨ । ਇਸ ਭਰਾ ਮਾਰੂ ਜੰਗ ਵਿੱਚ ਆਲ ਇੰਡੀਆ ਯੂਥ ਅਕਾਲੀ ਦੱਲ ਦੇ ਪ੍ਰਧਾਨ ਸਰਦਾਰ ਸ਼ੇਰ ਸਿੰਘ ਝੂਮਛੇੜੀ ਨੂੰ ਵੀ ਕੁੱਝ ਅਖੋਤੀ ਖਾੜਕੂਆ ਨੇ ਸ਼ਹੀਦ ਕਰ ਦਿੱਤਾ ।ਇਸ ਹਮਲੇ ਵਿੱਚ ਮੈਂ ਖੁਦ ਵਾਲ ਵਾਲ ਬਚਿਆ ਸੀ ਜਦ ਕਿ ਅਸੀਂ ਹਰ ਰੋਜ਼ ਖਾੜਕੂ ਸਿੰਘਾ ਦੀਆਂ ਲਾਸ਼ਾਂ ਚੁੱਕਦੇ ਰਹੇ ਉਹਨਾ ਦੀ ਅੰਤਮ ਅਰਦਾਸ ਵਿੱਚ ਸ਼ਾਮਲ ਹੁੰਦੇ ਰਹੇ ਅੱਜ ਵੀ ਲਗਾਤਾਰ ਇਸ ਲਹਿਰ ਵਿੱਚ ਯਥਾ ਯੋਗ ਹਿੱਸਾ ਪਾ ਰਹੇ ਹਾਂ। ਸੰਧੂ ਦਾ ਕਤਲ " ਪੈਰ ਕੁਹਾੜਾ ਮਾਰਿਆ ਗਾਫਲ ਆਪਣੇ ਹਾਥ ਵਾਲੀ ਗੱਲ ਵਾਪਰ ਗਈ ।ਸੰਧੂ ਦੇ ਕਤਲ ਨਾਲ ਹੀ ਖਾੜਕੂ ਲਹਿਰ ਦਾ ਪਤਨ ਸ਼ੁਰੂ ਹੋ ਗਿਆ ।ਜਿਹਨਾ ਹੱਥਾ ਨੇ ਭਾਈ ਸੰਧੂ ਦਾ ਕਤਲ ਕੀਤਾ ਹੈ ਉਹਨਾ ਉੱਤੇ ਅਫ਼ਸੋਸ ਹੀ ਕੀਤਾ ਜਾ ਸਕਦਾ ।ਸੰਧੂ ਦੇ ਕਤਲ ਦਾ ਮੁੱਖ ਕਾਰਨ ਭਾਈ ਸੰਧੂ ਦੀ ਸਿਆਣਪ ਹੀ ਸੀ ।ਕੌਮੀ ਅਜ਼ਾਦੀ ਲਈ ਲੜਨ ਵਾਲੀਆਂ ਕੌਮਾਂ ਅਪਣੇ ਸਿਆਣੇ ਆਗੂ ਨੂੰ ਸੰਭਾਲ ਕੇ ਰੱਖਦੀਆ ਹਨ ਲੇਕਿਨ ਪੰਥ ਅਪਣੇ ਸਿਆਣੇ ਆਗੂਆਂ ਨੂੰ ਭੰਡਦਾ ਹੀ ਨਹੀ ਉਸਨੂੰ ਮਾਰਨ ਤੱਕ ਦੀ ਸਾਜ਼ਿਸ਼ਾਂ ਵੀ ਕਰਦਾ ਰਹਿੰਦਾ ਹੈ । ਸੰਧੂ ਦੇ ਕਤਲ ਦਾ ਬਹੁਤ ਦੁੱਖ ਹੈ ।ਅੱਜ ਭਾਈ ਸੰਧੂ ਦੀ ਬਹੁਤ ਜ਼ਰੂਰਤ ਸੀ ਜਦੋਂ ਪੰਥ ਦੀ ਬੇੜੀ ਮੰਝਧਾਰ ਵਿੱਚ ਫਸੀ ਪਈ ਹੈ ।ਇਸ ਮੰਝਧਾਰ ਵਿੱਚੋਂ ਪੰਥ ਨੂੰ ਅਗਵਾਈ ਦੇਣ ਵਾਲਾ ਕੋਈ ਆਗੂ ਨਜ਼ਰ ਹੀ ਨਹੀ ਪੈਂਦਾ , ਜਿਹੜਾ ਸੀ ਉਸਨੂੰ ਅਸੀਂ ਅਪਣੇ ਹੱਥੀਂ ਸ਼ਹੀਦ ਕਰ ਬੈਠੇ ਹਾਂ ।ਸੱਚ ਹੈ ਕਿ ਸੰਧੂ ਦੇ ਕਤਲ ਨਾਲ ਹੀ ਪੰਥ ਦੀ ਜੁਝਾਰੂ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਖ਼ਤਮ ਹੀ ਹੋ ਗਈ ਜਿਸ ਨੇ ਪਤਾ ਨਹੀਂ ਕਿੰਨੇ ਕੂ ਸੰਧੂ ਪੈਦਾ ਕਰ ਦੇਣੇ ਸਨ । ਕਰਨੈਲ ਸਿੰਘ , ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪਰਬੰਧਕ ਕਮੇਟੀ ।

**ਮੇਰਾ ਇਹ ਪੋਸਿਟ ਪਾਉਣ ਦਾ ਮਤਲਬ ਇਹ ਨਹੀਂ ਕਿ ਬੇਲੋੜਾ ਵਿਵਾਦ ਖੜਾ ਕੀਤਾ ਜਾਵੇ ।ਮੇਰਾ ਮਕਸਦ ਕੇਵਲ ਮਿੱਤਰ ਪਿਆਰੇ ਨੂੰ ਯਾਦ ਕਰਨਾ ਹੀ ਸੀ ।ਅਸੀਂ ਬਹੁਤ ਕੁੱਝ ਗੁਆ ਲਿਆ ਹੈ ਹੁਣ ਰੋਣ ਪਿੱਟਣ ਦਾ ਮਸਲਾ ਨਹੀਂ ਹੈ ਬਹੁਤ ਕੁੱਝ ਛੱਡ ਕੇ ਅੱਗੇ ਵਧਣ ਦੀ ਅਤੇ ਪੰਥਕ ਏਕੇ ਦੀ ਲੋੜ ਹੈ ।ਹਰ ਕਿਸੇ ਟਾਊਟ ਕਹਿਣਾ ਇਹ ਪੁਆੜੇ ਪਾਉਣ ਵਾਲੀਆ ਗੱਲਾਂ ਹਨ ਇਹਨਾ ਤੋ ਬਚਣਾ ਚਾਹੀਦਾ ਹੈ ।**

-ਪੰਜੋਲੀ

### ਸਿੱਖ ਕੌਮ ਅਤੇ ਪੰਜਾਬ ਨਾਲ ਹੋ ਰਿਹਾ ਵਿਤਕਰਾ ਦੇਸ਼ ਲਈ ਚਿੰਤਾ ਦਾ ਵਿਸ਼ਾ

# ਕੇਂਦਰ ਸਰਕਾਰ ਕਰੇ ਆਤਮ-ਮੰਥਨ: ਕਰਨੈਲ ਸਿੰਘ ਪੀਰ ਮੁਹੰਮਦ






**ਅੰਮ੍ਰਿਤਸਰ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ ) ਦੇ ਸੀਨੀਅਰ ਮੀਤ ਪ੍ਰਧਾਨ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਕੇਂਦਰ ਸਰਕਾਰ ਅਤੇ ਭਾਰਤੀ ਫੌਜ ਦੇ ਉੱਚ ਅਧਿਕਾਰੀਆਂ ਵੱਲੋਂ ਪੰਜਾਬੀ ਨੌਜਵਾਨਾਂ ਨੂੰ ਭਰਤੀ ਲਈ ਕੀਤੀ ਜਾ ਰਹੀ ਅਪੀਲ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਫੌਜ ਵਿੱਚ ਭਰਤੀ ਹੋਣ ਦਾ ਸੱਦਾ ਦੇਣ ਤੋਂ ਪਹਿਲਾਂ ਕੇਂਦਰ ਸਰਕਾਰ ਨੂੰ ਲਾਜ਼ਮੀ ਤੌਰ 'ਤੇ ਪੰਜਾਬ ਅਤੇ ਸਿੱਖ ਕੌਮ ਨਾਲ ਲੰਮੇ ਸਮੇਂ ਤੋਂ ਹੋ ਰਹੇ ਨੀਤੀਗਤ ਵਿਤਕਰੇ 'ਤੇ ਗੰਭੀਰ ਆਤਮ-ਮੰਥਨ ਕਰਨਾ ਚਾਹੀਦਾ ਹੈ।

### ਅਗਨੀਪਥ ਸਕੀਮ ਸਿੱਖ ਰੈਜੀਮੈਂਟ ਦੇ ਗੌਰਵਮਈ ਇਤਿਹਾਸ ਅਤੇ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ: ਫੈਡਰੇਸ਼ਨ ਸਰਪ੍ਰਸਤ

**ਅਗਨੀਪਥ ਸਕੀਮ ਅਤੇ ਸਿੱਖ ਰੈਜੀਮੈਂਟ 'ਤੇ ਸਵਾਲ:** ਪੀਰ ਮੁਹੰਮਦ ਨੇ ਕਿਹਾ ਕਿ 'ਅਗਨੀਪਥ' ਅਤੇ 'ਅਗਨੀਵੀਰ' ਵਰਗੀਆਂ ਯੋਜਨਾਵਾਂ ਨੇ ਫੌਜੀ ਸੇਵਾ ਨੂੰ ਮਹਿਜ਼ ਇੱਕ 'ਠੇਕੇ ਦੀ ਨੌਕਰੀ' ਬਣਾ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ, "ਸਿੱਖ ਕੌਮ ਲਈ ਫੌਜ ਵਿੱਚ ਸੇਵਾ ਕਰਨਾ ਸਿਰਫ਼ ਰੁਜ਼ਗਾਰ ਨਹੀਂ, ਬਲਕਿ ਇੱਕ ਪਰੰਪਰਾ ਅਤੇ ਸਨਮਾਨ ਦਾ ਪ੍ਰਤੀਕ ਹੈ। ਥੋੜ੍ਹੇ ਸਮੇਂ ਦੀ ਇਹ ਨੌਕਰੀ ਨਾ ਸਿਰਫ਼ ਨੌਜਵਾਨਾਂ ਦਾ ਮਨੋਬਲ ਤੋੜ ਰਹੀ ਹੈ, ਸਗੋਂ ਇਸ ਦਾ ਸਿੱਧਾ ਮਾਰੂ ਅਸਰ ਸਿੱਖ ਰੈਜੀਮੈਂਟ ਦੀ ਭਰਤੀ ਅਤੇ ਇਸ ਦੀ ਵਿਲੱਖਣ ਪਛਾਣ 'ਤੇ ਪੈ ਰਿਹਾ ਹੈ।" ਉਨ੍ਹਾਂ ਚਿਤਾਵਨੀ ਦਿੱਤੀ ਕਿ ਅਜਿਹੇ ਫੈਸਲੇ ਲੰਮੇ ਸਮੇਂ ਵਿੱਚ ਦੇਸ਼ ਦੀ ਸੁਰੱਖਿਆ ਅਤੇ ਫੌਜੀ ਢਾਂਚੇ ਲਈ ਘਾਤਕ ਸਿੱਧ ਹੋਣਗੇ।

**ਬਾਂਧਵਗੜ੍ਹ ਵਿਖੇ ਸਿੱਖ ਵਿਰਾਸਤ ਦੀ ਅਣਦੇਖੀ:** ਬਾਂਧਵਗੜ੍ਹ (ਮੱਧ ਪ੍ਰਦੇਸ਼) ਵਿਖੇ ਮਿਲੇ ਸਿੱਖ ਇਤਿਹਾਸਕ ਪ੍ਰਮਾਣਾਂ ਦਾ ਜ਼ਿਕਰ ਕਰਦਿਆਂ ਪੀਰ ਮੁਹੰਮਦ ਨੇ ਕਿਹਾ ਕਿ ਉੱਥੇ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਫੇਰੀ ਦੇ ਪੁਰਾਤਨ ਸਬੂਤ ਅਤੇ ਕਿਲ੍ਹੇ ਵਿੱਚ ਸਿੱਖ ਵਿਰਾਸਤ ਨਾਲ ਸਬੰਧਤ ਨਿਸ਼ਾਨ ਮੌਜੂਦ ਹਨ। ਉਨ੍ਹਾਂ ਅਫ਼ਸੋਸ ਜਤਾਇਆ ਕਿ ਕੇਂਦਰ ਸਰਕਾਰ ਦਾ ਪੁਰਾਤੱਤਵ ਵਿਭਾਗ ਦੂਜੇ ਧਰਮਾਂ ਦੇ ਇਤਿਹਾਸ ਨੂੰ ਸੰਭਾਲਣ ਲਈ ਕਰੋੜਾਂ ਰੁਪਏ ਖਰਚ ਰਿਹਾ ਹੈ, ਪਰ ਸਿੱਖਾਂ ਦੇ ਇਨ੍ਹਾਂ ਬੇਸ਼ਕੀਮਤੀ ਇਤਿਹਾਸਕ ਅਸਥਾਨਾਂ ਨੂੰ ਜਾਣਬੁੱਝ ਕੇ ਵਿਸਾਰਿਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਬਾਂਧਵਗੜ੍ਹ ਨੂੰ ਤੁਰੰਤ ਸਿੱਖ ਹੈਰੀਟੇਜ ਸਰਕਟ ਵਿੱਚ ਸ਼ਾਮਲ ਕੀਤਾ ਜਾਵੇ।

**ਇਨਸਾਫ਼ ਅਤੇ ਭਰੋਸੇ ਦੀ ਲੋੜ:** ਸ੍ਰ. ਪੀਰ ਮੁਹੰਮਦ ਨੇ ਕੇਂਦਰ ਨੂੰ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਦੇਸ਼ ਦੀ ਖਾਤਰ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ, ਚਾਹੇ ਉਹ ਸਰਹੱਦਾਂ ਦੀ ਰਾਖੀ ਹੋਵੇ ਜਾਂ ਦੇਸ਼ ਦੀ ਅੰਨ ਸੁਰੱਖਿਆ। ਪਰ ਲਗਾਤਾਰ ਹੋ ਰਹੇ ਵਿਤਕਰੇ, ਰਾਜਸੀ ਅਣਦੇਖੀ ਅਤੇ ਹੱਕਾਂ ਦੀ ਲੜਾਈ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਨੇ ਸਿੱਖ ਨੌਜਵਾਨਾਂ ਅੰਦਰ 'ਬੇਗਾਨੇਪਣ' ਦਾ ਅਹਿਸਾਸ ਹੋਰ ਡੂੰਘਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਦੇਸ਼ ਨਾਲ ਨਾਤਾ ਸਿਰਫ਼ ਅਪੀਲਾਂ ਨਾਲ ਨਹੀਂ, ਬਲਕਿ ਸਨਮਾਨ, ਭਰੋਸਾ ਅਤੇ ਇਨਸਾਫ਼ ਨਾਲ ਮਜ਼ਬੂਤ ਹੁੰਦਾ ਹੈ।

**ਪੰਥਕ ਸੰਸਥਾਵਾਂ ਨੂੰ ਅਪੀਲ:** ਬਿਆਨ ਦੇ ਅਖੀਰ ਵਿੱਚ ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਬਾਂਧਵਗੜ੍ਹ ਵਰਗੇ ਇਤਿਹਾਸਕ ਮੁੱਦਿਆਂ 'ਤੇ ਡਟ ਕੇ ਸਟੈਂਡ ਲੈਣ ਅਤੇ ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਤਾਂ ਜੋ ਸਿੱਖ ਵਿਰਾਸਤ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕੀਤਾ ਜਾ ਸਕੇ।

# ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀਆਂ ਧਮਕੀਆਂ ਬਹੁਤ ਹੀ ਚਿੰਤਾਜਨਕ ਮੁੱਦਾ ਬਣ ਗਿਆ ਹੈ ?

### ਗੁਰਦਾਸਪੁਰ ਦੇ ਸਕੂਲਾਂ ਨੂੰ ਧਮਕੀਆਂ ਦੇਣ ਵਾਲਿਆਂ ਨੂੰ ਜਲਦੀ ਕਾਬੂ ਕਰੇ ਸਰਕਾਰ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 23 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀਆਂ ਧਮਕੀਆਂ ਮਿਲਣੀਆਂ ਲਗਾਤਾਰ ਜਾਰੀ ਹਨ ਇਹ ਧਮਕੀਆਂ ਅੰਮ੍ਰਿਤਸਰ ਤੋਂ ਜ਼ਿਲੇ ਦੇ ਸਕੂਲਾਂ ਤੋਂ ਇਲਾਵਾ ਕਈ ਹੋਰ ਜ਼ਿਲ੍ਹੇ ਦੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਤੋਂ ਬਾਅਦ ਹੁਣ ਗੁਰਦਾਸਪੁਰ ਦੇ ਕਈ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਪ੍ਰਾਪਤ ਹੋਈਆਂ ਹਨ ਜਿਸ ਦੇ ਸਿੱਟੇ ਵਜੋਂ ਇਨ੍ਹਾਂ ਸਕੂਲਾਂ ਵਿਚ ਛੁਟੀਆਂ ਕਰ ਦਿੱਤੀਆਂ ਗਈਆਂ ਹਨ ਅਤੇ ਸੁਰੱਖਿਆ ਦਸਤੇ ਜਾਚ ਪੜਤਾਲ ਵਿੱਚ ਲੱਗ ਗਏ ਹਨ, ਇਨ੍ਹਾਂ ਧਮਕੀਆਂ ਕਰਕੇ ਗੁਰਦਾਸਪੁਰ ਜ਼ਿਲ੍ਹੇ ਦੇ ਸਕੂਲੀ ਬੱਚਿਆਂ ਦੇ ਮਾਪੇ ਪੂਰੀ ਤਰ੍ਹਾਂ ਸਹਿਮੇ ਹੋਏ ਸਰਕਾਰ ਤੋਂ ਮੰਗ ਕਰ ਰਹੇ ਹਨ ਕਿ ਸਰਕਾਰ ਅਜਿਹੇ ਲੋਕਾਂ ਤੇ ਸਖ਼ਤ ਕਾਨੂੰਨੀ ਸ਼ਿਕੰਜਾ ਕੱਸਣ ਦੀ ਲੋੜ ਤੇ ਜ਼ੋਰ ਦੇਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀਆਂ ਮਿਲੀਆਂ ਧਮਕੀਆਂ ਤੇ ਗਹਿਰੀ ਚਿੰਤਾ ਅਤੇ ਸਰਕਾਰ ਨੂੰ ਅਜਿਹੇ ਦਹਿਸਤਗਰਦ ਸਮਾਜ ਵਿਰੋਧੀ ਅਨਸਰਾਂ ਨੂੰ ਜਲਦੀ ਤੋਂ ਜਲਦੀ ਕਾਬੂ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਕਿਹਾ ਸਕੂਲਾਂ ਵਿੱਚ ਅਜਿਹੀਆਂ ਧਮਕੀਆਂ ਮਿਲਣ ਕਰਕੇ ਜਿਥੇ ਸਕੂਲਾਂ ਵਿੱਚ ਪੜ੍ਹਨ ਵਾਲਿਆਂ ਦੇ ਮਾਪੇ,ਸਥਾਨਕ ਸਕੂਲਾਂ ਦੇ ਅਧਿਆਪਕੀ ਸਟਾਫ ਅਤੇ ਲੋਕਾਂ ਵਿਚ ਦਹਿਸਤ ਦਾ ਮਹੌਲ ਪਾਇਆ ਜਾ ਰਿਹਾ ਹੈ ਅਤੇ ਉਹ ਮੰਗ ਕਰ ਰਹੇ ਹਨ ਕਿ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਵਾਲੇ ਸਮਾਜ਼ ਵਿਰੋਧੀ ਅਨਸਰਾਂ ਨੂੰ ਜਲਦੀ ਕਾਬੂ ਕੀਤਾ ਜਾਵੇ ਕਿਉਂਕਿ ਇਹ ਮਾਮਲਾ ਬੱਚਿਆਂ ਦੇ ਵਿਦਿਆ ਭਵਿੱਖ ਨਾਲ ਜੁੜਿਆ ਹੋਇਆ ਹੈ ਅਤੇ ਸਰਕਾਰ ਨੂੰ ਪਹਿਲ ਦੇ ਆਧਾਰ ਤੇ ਇਸ ਮਸਲੇ ਦਾ ਪੱਕਾ ਹੱਲ ਲੱਭਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ।ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ, ਭਾਈ ਦਿਲਬਾਗ ਸਿੰਘ ਬਾਗੀ, ਭਾਈ ਸੁਖਦੇਵ ਸਿੰਘ ਫੌਜੀ ਜਗਰਾਓਂ, ਭਾਈ ਸੁਰਿੰਦਰ ਸਿੰਘ ਆਦਮਪੁਰ ਤੇ ਭਾਈ ਵਿਕਰਮ ਸਿੰਘ ਪੰਡੋਰੀ ਨਿੱਜਰ ਆਦਿ ਤੋਂ ਇਲਾਵਾ ਕਈ ਹੋਰ ਕਾਰਕੁੰਨ ਹਾਜਰ ਸਨ ।

# ਬੇਨੜਾ ਕਾਲਜ ਵਿਖੇ ਰਾਸ਼ਟਰੀ ਵੋਟਰ ਦਿਵਸ ਮਨਾਇਆ




**ਸੰਗਾਲ( ਰਣਜੀਤ ਸਿੰਘ ਪੇਧਨੀ )**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਸਵੀਪ ਨੋਡਲ ਅਫ਼ਸਰ ਅਤੇ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ 16ਵਾਂ ਰਾਸ਼ਟਰੀ ਵੋਟਰ ਦਿਵਸ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਅਗਵਾਈ ਵਿੱਚ ਮਨਾਇਆ ਗਿਆ। ਵਿਦਿਆਰਥੀਆਂ ਨੂੰ ਲੋਕਤੰਤਰ ਵਿੱਚ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ ਅਤੇ ਵਿਦਿਆਰਥੀਆਂ ਦੇ ਵੋਟਰ ਦਿਵਸ ਨੂੰ ਸਮਰਪਿਤ ਲੇਖ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਬੀ.ਕਾਮ. ਭਾਗ ਦੂਜਾ ਦੀ ਰਿਪਨਜੋਤ ਕੌਰ ਨੇ ਪਹਿਲਾ ਅਤੇ ਜਸਕੀਰਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। ਸਮੂਹ ਵਿਦਿਆਰਥੀਆਂ ਵੱਲੋਂ ਇਸ ਸਮੇਂ ਵੋਟਰ ਪ੍ਰਣ ਲਿਆ ਗਿਆ। ਇਸ ਮੌਕੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਅਤੇ ਡਾ. ਊਸ਼ਾ ਰਾਣੀ, ਸਵੀਪ ਨੋਡਲ ਅਫ਼ਸਰ ਡਾ. ਕਰਮਜੀਤ ਸਿੰਘ, ਸਹਾਇਕ ਨੋਡਲ ਅਫਸਰ ਕਾਲਜਾਂ, ਧੂਰੀ ਡਾ. ਭੂਪਿੰਦਰ ਸਿੰਘ ਤੋਂ ਇਲਾਵਾ ਡਾ. ਰਾਕੇਸ਼ ਕੁਮਾਰ ਹਾਜ਼ਰ ਸਨ।

# ਸ਼ਹੀਦ ਸਿੰਘਾਂ ਦੀ ਯਾਦ ਵਿੱਚ ਅਬਦੁੱਲਾਪੁਰ ਚੁਹਾਣੇ ਕਲਾਂ ਵਿਖੇ ਮਹਾਨ ਗੁਰਮਤਿ ਸਮਾਗਮ 28 ਨੂੰ ਬਾਬਾ ਕੁਲਵਿੰਦਰ ਸਿੰਘ



ਸੰਗਾਲਾ ( ਰਣਜੀਤ ਸਿੰਘ ਪੇਧਨੀ ) ਸ਼ਹੀਦ ਸਿੰਘਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਹੋਇਆਂ ਅਸਥਾਨ ਧੰਨ ਧੰਨ ਬਾਬੇ ਸਿੰਘ ਸਹੀਦ ਪਿੰਡ ਅਬਦੁੱਲਾਪੁਰ ਚੁਹਾਣੇ ਕਲਾਂ (ਮਾਲੇਰਕੋਟਲਾ) ਵਿਖੇ 22 ਜਨਵਰੀ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਸੁਰੂ ਹੋ ਚੁੱਕੇ ਹਨ ਜਿਨ੍ਹਾਂ ਦੇ 28 ਜਨਵਰੀ ਨੂੰ ਭੋਗ ਪੈਣਗੇ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਜੀ ਨੇ ਦੱਸਿਆ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਅਤੇ ਨਗਰ ਨਿਵਾਸੀ ਇਲਾਕੇ ਦੇ ਸਹਿਯੋਗ ਦੇ ਨਾਲ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ । ਰੋਜ਼ਾਨਾਂ ਸਾਮ ਨੂੰ ਨਾਮ ਦੇ ਰਸੀਏ, ਸੰਤ ਮਹਾਪੁਰਸ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਨਾਲ ਜੋੜਨਾ ਕਰਨਗੇ ।ਉਨ੍ਹਾਂ ਕਿਹਾ ਕਿ 28 ਜਨਵਰੀ ਮਾਘ ਦੀ ਦਸਮੀ ਵਾਲੇ ਦਿਨ ਤੀਜੀ ਸਿਫਟ ਦੇ ਸ੍ਰੀ ਅਖੰਡ ਪਾਠ ਸਹਿਬ ਜੀ ਦੇ ਭੋਗ ਸਵੇਰੇ 8.00 ਵਜੇ ਪੈਣਗੇ ।ਭੋਗ ਉਪਰੰਤ ਪੰਜਾਬ ਦੇ ਪ੍ਰਸਿੱਧ ਰਾਗੀ,ਢਾਡੀ, ਸੰਤ ਮਹਾਪੁਰਸ ਆਪਣੇ ਕੀਰਤਨ ਰਾਹੀ ਹਾਜਰੀ ਭਰਨਗੇ ।ਉਨ੍ਹਾਂ ਕਿਹਾ ਕਿ ਅੰਮ੍ਰਿਤ ਸੰਚਾਰ ਹੋਵੇਗਾ, ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਫ੍ਰੀ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹੈਡ ਗ੍ਰੰਥੀ ਗਿਆਨੀ ਰਘਵੀਰ ਸਿੰਘ ਜੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ।

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

ਧੰਨ ਧੰਨ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਗਰਾਂਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ਼੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾ ਪਾਉਣਗੇ ।

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ,
ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)
ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698

## ਇੱਕ ਨਜ਼ਰ ...



# ਲੋੜਵੰਦ ਧੀ ਦਾ ਕਰਵਾਇਆ ਆਨੰਦ ਕਾਰਜ

ਚੌਂਕ ਮਹਿਤਾ, 24ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਹਲਕਾ ਦੱਖਣੀ ਦੇ ਗੁਰਦਆਰਾ ਸਾਹਿਬ ਗੁਰੂ ਅਰਜਨ ਦੇਵ ਜੀ ਨਗਰ ਤਰਨ ਤਾਰਨ ਰੋਡ ਦੇ ਮੁੱਖ ਸੇਵਾਦਾਰ ਬਾਬਾ ਹਰਪਾਲ ਸਿੰਘ ਦੀ ਅਗਵਾਈ ਹੇਠ ਇਲਾਕਾ ਵਾਸੀਆਂ ਦੇ ਸਹਿਯੋਗ ਸਦਕਾ ਲੋੜਵੰਦ ਧੀ ਆਂਚਲਜੀਤ ਕੌਰ ਦਾ ਆਨੰਦ ਕਾਰਜ ਕਾਕਾ ਸੋਨਾ ਸਿੰਘ ਹਰੀਕੇ ਪੱਤਣ ਨਾਲ ਕਰਵਾਇਆ ਗਿਆ ਇਸ ਮੌਕੇ ਜਾਣਕਾਰੀ ਦਿੰਦਿਆਂ ਹਰਪਾਲ ਸਿੰਘ ਮੁੱਖ ਸੇਵਾਦਾਰ ਨੇ ਦੱਸਿਆ ਕਿ ਗੁਰਦਆਰਾ ਸਾਹਿਬ ਵਿਖੇ ਪਹਿਲੀ ਵਾਰ ਇਹ ਆਨੰਦ ਕਾਰਜ ਬਹੁਤ ਹੀ ਸਾਦੇ ਢੰਗ ਨਾਲ ਕਰਵਾਇਆ ਗਿਆ ਹੈ ਗੁਰਦਆਰਾ ਸਾਹਿਬ ਵਿਖੇ ਲਾਵਾ ਫੇਰੇ ਕਰਵਾਏ ਗਏ ਉਪਰੰਤ ਲੜਕੀ ਨੂੰ ਦਾਜ ਦਾ ਘਰੇਲੂ ਸਮਾਨ ਦਿੱਤਾ ਗਿਆ ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਲੋੜਵੰਦ ਧੀਆਂ ਦੇ ਆਨੰਦ ਕਾਰਜ ਕਰਦੇ ਰਹਿਣਗੇ ਇਸ ਮੌਕੇ ਭਾਈ ਹਰਜੀਤ ਸਿੰਘ ਵਰਪਾਲ,ਭਾਈ ਸੁਖਦੇਵ ਸਿੰਘ,ਬਿੱਲਾ ਵੀਰ,ਫ਼ੌਜੀ ਵੀਰ,ਪ੍ਰਕਾਸ਼ ਸਿੰਘ,ਪ੍ਰਭਜੀਤ ਸਿੰਘ,ਪਰਦੀਪ ਸਿੰਘ, ਕਿਰਪਾਲ ਸਿੰਘ ਬੀਬੀ ਸੁੱਖ ਜੀ,ਗੁਰਦੀਪ ਸਿੰਘ ਦੋਧੀ ,ਭਾਈ ਰਾਮ ਸਿੰਘ,ਹਰਦੀਪ ਸਿੰਘ ਦੀਪਾ ਦਾ ਵਿਸ਼ੇਸ਼ ਸਹਿਯੋਗ ਰਿਹਾ ।

# ਗਤਕੇ ਦੀਆਂ ਨਵੀਆਂ ਕਲਾਸਾਂ ਦੀ ਅਰਦਾਸ ਉਪਰੰਤ ਕੀਤੀ ਆਰੰਭਤਾ



ਚੌਂਕ ਮਹਿਤਾ, 24ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸ਼੍ਰੋਮਣੀ ਗਤਕਾ ਅਖਾੜਾ ਸੇਵਕ ਜਥਾ ਇਸ਼ਨਾਨ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਵੱਲੋਂ ਅੱਜ ਗੁਰਦੁਆਰਾ ਗੁਰੂ ਨਾਨਕ ਸਤਿਸੰਗ ਸਭਾ ਚੌਂਕ ਮੋਨੀ ਗਲੀ ਮਸਤ ਖੂਹ ਵਿਖੇ ਮੋਢੀ ਅਤੇ ਮੁੱਖ ਸੇਵਾਦਾਰ ਜਥੇਦਾਰ ਸੁਖਵੰਤ ਸਿੰਘ ਬਿੱਟੂ ਵੱਲੋਂ ਅਰਦਾਸ ਉਪਰੰਤ ਗਤਕਾ ਸਿਖਲਾਈ ਦੀਆਂ ਨਵੀਆਂ ਕਲਾਸਾਂ ਦੀ ਆਰੰਭਤਾ ਕੀਤੀ ਗਈ ਜਿਸ ਵਿੱਚ ਪਹਿਲੇ ਦਿਨ 13 ਬੱਚਿਆਂ ਨੂੰ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵਲੋਂ ਬਖਸ਼ੀ ਸਸ਼ਤਰ ਵਿਦਿਆ ਦੀ ਦਾਤ ਦੀ ਪਰੰਪਰਾ ਨੂੰ ਕਾਇਮ ਰੱਖਦਿਆਂ ਸਿੱਖੀ ਦੇ ਬੂਟੇ ਨੂੰ ਨੂੰ ਪ੍ਰਫੁੱਲਿਤ ਅਤੇ ਹਰਿਆ ਭਰਿਆ ਰੱਖਣ ਲਈ ਫ੍ਰੀ ਗਤਕਾ ਸਿਖਲਾਈ ਦੀਆਂ ਕਲਾਸਾਂ ਸ਼ੁਰੂ ਕਰਨ ਦੀ ਅਰਦਾਸ ਕੀਤੀ ਗਈ। ਇਸ ਮੌਕੇ ਮਾਪਿਆਂ ਵਲੋਂ ਛੋਟੀ ਉਮਰ ਵਿਚ ਆਪਣੇ ਬੱਚਿਆਂ ਦੀ ਉਂਗਲੀ ਫੜ ਕੇ ਗੁਰੂ ਚਰਨਾਂ ਨਾਲ ਜੋੜਣ ਅਤੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਦਰਸਾਏ ਮਾਰਗ ਤੇ ਚੱਲਣ ਲਈ ਪਹਿਲ ਕਦਮੀ ਕਰਦਿਆਂ ਆਪ ਲੈ ਕੇ ਆਏ। ਸੇਵਾ ਦੇ ਇਸ ਨਿਸ਼ਕਾਮ ਕਾਰਜ ਦੀ ਦੀ ਚੁਫੇਰਿਓਂ ਪ੍ਰਸੰਸਾ ਹੋ ਰਹੀ ਹੈ। ਜਥੇਦਾਰ ਸੁਖਵੰਤ ਸਿੰਘ ਬਿੱਟੂ ਨੇ ਦੱਸਿਆ ਕਿ ਉਨ੍ਹਾਂ ਦਾ ਪਰਿਵਾਰ ਤਿੰਨ ਪੀੜ੍ਹੀਆਂ ਤੋਂ ਗੁਰੂ ਘਰ ਦੀਆਂ ਨਿਸ਼ਕਾਮ ਸੇਵਾਵਾਂ ਨਿਭਾਉਣ ਲਈ ਹਮੇਸ਼ਾਂ ਤਤਪਰ ਰਿਹਾ ਹੈ। ਜਥੇਦਾਰ ਸੁਖਵੰਤ ਸਿੰਘ ਬਿੱਟੂ ਨੇ ਦੱਸਿਆ ਕਿ ਉਨ੍ਹਾਂ ਦਾ ਗਤਕਾ ਅਖਾੜਾ ਬੀਤੇ ਲਗਪਗ 4 ਦਹਿਕਿਆ ਤੋਂ ਲੜਕੇ ਅਤੇ ਲੜਕੀਆਂ ਨੂੰ ਫ੍ਰੀ ਗਤਕਾ ਸਿਖਲਾਈ ਦੀਆਂ ਕਲਾਸਾਂ ਲਗਾ ਰਿਹਾ ਹੈ। ਉਨ੍ਹਾਂ ਦੇ ਸਿਖਿਆਰਥੀ ਦੇਸ਼ਾਂ ਅਤੇ ਵਿਦੇਸ਼ਾਂ ਵਿਚ ਕਲਾ ਦੇ ਜੌਹਰ ਦਿਖਾ ਕੇ ਆਪਣੇ ਮਾਤਾ ਪਿਤਾ ਅਤੇ ਦੇਸ਼ ਕੌਮ ਦਾ ਨਾਮ ਰੋਸ਼ਨ ਕਰ ਰਹੇ ਹਨ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ "ਭਵਿੱਖ ਵਿਚ ਵੀ ਇਹ ਸਿਲਸਿਲਾ ਅੰਤਿਮ ਸਵਾਸਾਂ ਤੱਕ ਜਾਰੀ ਰਹੇਗਾ÷। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਸਤਾਦ ਕਮਲਪ੍ਰੀਤ ਸਿੰਘ, ਸ੍ ਇੰਦਰਦੀਪ ਸਿੰਘ, ਅਜੀਤ ਸਿੰਘ, ਰਾਜਦੀਪ ਸਿੰਘ, ਪ੍ਰਭਜੋਤ ਸਿੰਘ ਨਿਹੰਗ, ਹਰਜੀਤ ਸਿੰਘ, ਅਮਨਦੀਪ ਸਿੰਘ, ਮਹਿਤਾਬ ਸਿੰਘ, ਹਰਮਨਦੀਪ ਸਿੰਘ, ਪ੍ਰਭਜੋਤ ਸਿੰਘ, ਨਵਪ੍ਰੀਤ ਸਿੰਘ, ਕਿਰਨਦੀਪ ਸਿੰਘ ,ਗੁਰਸਿਮਰ ਸਿੰਘ , ਰਾਜਵਿੰਦਰ ਸਿੰਘ ਰਾਜੂ,ਸ੍ ਵਾਹਿਨੂਰ ਸਿੰਘ ਆਦਿ ਹਾਜ਼ਰ ਸਨ।

# ਪਿੰਡ ਅਰਜਨ ਮਾਂਗਾ ਵਿੱਚ ਦੱਸ ਲੱਖ ਰੁਪਏ ਬੀਮਾ ਸਿਹਤ ਕਾਰਡ ਯੋਜਨਾ ਦੀ ਸ਼ੁਰੂਆਤ ਕੀਤੀ: ਨਿਸ਼ਾਨ ਸਿੰਘ ਅਰਜਨ ਮਾਂਗਾ



ਚੌਂਕ ਮਹਿਤਾ 24 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ 10 ਲੱਖ ਸਿਹਤ ਬੀਮਾ ਯੋਜਨਾ ਤੇ ਸ਼ੁਰੂਆਤ ਕੀਤੀ ਗਈ। ਇਸ ਲੜੀ ਹੇਠ ਚੱਲਦਿਆਂ ਹਲਕਾ ਮਜੀਠਾ ਦੇ ਪਿੰਡ ਅਰਜਨ ਮਾਂਗਾ ਵਿੱਚ ਡਾ, ਨਿਸ਼ਾਨ ਸਿੰਘ ਮੀਡੀਆ ਇੰਚਾਰਜ ਦੀ ਅਗਵਾਈ ਹੇਠ 10 ਲੱਖ ਰੁਪਏ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣਾਉਣ ਆਰੰਭਤਾ ਕੀਤੀ ਗਈ।ਇਸ ਮੌਕੇ ਪਿੰਡ ਵਾਸੀਆਂ ਨੇ ਇਸ ਯੋਜਨਾ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕੀਤਾ ਅਤੇ ਪਾਰਟੀ ਸੁਪਰੀਮੋ ਸ਼੍ਰੀ ਅਰਵਿੰਦ ਕੇਜਰੀਵਾਲ ਜੀ ਮਨੀਸ਼ ਸਿਸੋਦੀਆ ਜੀ ਅਤੇ ਹਲਕਾ ਇੰਚਾਰਜ ਸਾ ਤਲਬੀਰ ਸਿੰਘ ਗਿੱਲ ਜੀ ਦਾ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਇਸ ਯੋਜਨਾ ਨਾਲ ਸਾਰੇ ਪੰਜਾਬ ਦੇ ਲੋਕਾਂ ਨੂੰ ਬਹੁਤ ਜ਼ਿਆਦਾ ਸਿਹਤ ਸਹੂਲਤਾਂ ਮਿਲਣਗੀਆਂ ਅਤੇ ਇਸ ਬਹੁਤ ਵੱਡੀ ਯੋਜਨਾ ਲੋਕਾਂ ਲਈ ਬਹੁਤ ਫਾਇਦੇਮੰਦ ਹੋਵੇਗੀ ਇਸ ਮੌਕੇ ਨਿਸ਼ਾਨ ਸਿੰਘ ਅਰਜਨ ਮਾਂਗਾ ਇਨਚਾਰਜ ਮੀਡੀਆ ਵਿੰਗ ਮਜੀਠਾ ਸਰਪੰਚ ਰਣਧੀਰ ਸਿੰਘ ਪ੍ਰਿੰਸੀਪਲ ਗੁਰਮੁੱਖ ਸਿੰਘ ਨਿਸ਼ਾਨ ਸਿੰਘ ਮੈਂਬਰ ਪੰਚਾਇਤ ਜਸਬੀਰ ਸਿੰਘ ਸੀਐਸਸੀ ਸੈਂਟਰ ਸਿਮਰਨਜੀਤ ਸਿੰਘ ਪਲਵਿੰਦਰ ਸਿੰਘ ਦਿਲਬਾਗ ਸਿੰਘ ਆਦਿ ਹਾਜ਼ਰ ਸਨ।

# ਖੱਟੀਆਂ ਮਿੱਠੀਆਂ ਯਾਦਾਂ ਵੰਡਦੀ, ਗੁਰੂ ਕਾਸ਼ੀ ਯੂਨੀਵਰਸਿਟੀ ਦੀ ਅਲੂਮਨੀ ਮੀਟ ਸੰਪੰਨ





## ਤਰੱਕੀ ਲਈ ਨਵੀਂ ਸੋਚ, ਨਵੇਂ ਵਿਚਾਰ ਜ਼ਰੂਰੀ: ਡਾ. ਰਾਮੇਸ਼ਵਰ ਸਿੰਘ

ਤਲਵੰਡੀ ਸਾਬੋ, 24 ਜਨਵਰੀ (ਗੁਰਜੰਟ ਸਿੰਘ ਨਥੇਹਾ)- ਪੁਰਾਣੇ ਵਿਦਿਆਰਥੀਆਂ ਦੇ ਤਜ਼ੁਰਬੇ, ਸੰਘਰਸ਼, ਮਿੱਠੀਆਂ ਯਾਦਾਂ ਨੂੰ ਸਾਂਝਾ ਕਰਨ ਤੇ ਸਹਿਯੋਗ ਦੀ ਉਮੀਦ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਅਲੂਮਨੀ ਮੀਟ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਅਨਿਲ ਠਾਕੁਰ ਚੇਅਰਮੈਨ, ਪੰਜਾਬ ਟ੍ਰੇਡ ਕਮੀਸ਼ਨ ਬਤੌਰ ਮੁੱਖ ਮਹਿਮਾਨ ਜਦਕਿ ਮੁਨੀਸ਼ ਕੁਮਾਰ ਗਰਗ ਸੀ.ਈ.ਓ. ਐਸ.ਆਰ.ਵੀ.ਇਲੈਕਟ੍ਰਿਕਲਸ ਨੇ ਸਨਮਾਨਿਤ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਰੋਹ ਵਿੱਚ ਪ੍ਰੋ.(ਡਾ.)ਰਾਮੇਸ਼ਵਰ ਸਿੰਘ ਵਾਈਸ ਚਾਂਸਲਰ, ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ, ਡਾ. ਜਾਵੇਦ ਅਹਿਮਦ ਖਾਨ ਡੀਨ ਅਕਾਦਮਿਕ, ਡਾ. ਪੀਯੂਸ਼ ਵਰਮਾ, ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ ਅਤੇ 500 ਤੋਂ ਵੱਧ ਪੁਰਾਣੇ ਵਿਦਿਆਰਥੀ ਹਾਜ਼ਰ ਹੋਏ। ਮੁੱਖ ਮਹਿਮਾਨ ਠਾਕੁਰ ਨੇ ਆਪਣੇ ਵਿਦਿਆਰਥੀ ਜੀਵਨ ਦੇ ਸੰਘਰਸ਼ ਨੂੰ ਚੇਤੇ ਕਰਦਿਆਂ ਕਿਹਾ ਕਿ ਸਾਡੀ ਸੋਚ ਅਤੇ ਦ੍ਰਿੜ ਨਿਸ਼ਚੈ ਸਾਨੂੰ ਆਪਣੀ ਮੰਜ਼ਿਲ ਤੱਕ ਲੈ ਕੇ ਜਾਂਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਵਿੱਚ ਆਪਣਾ ਯੋਗਦਾਨ ਪਾਉਣ ਲਈ ਕਿਹਾ ਅਤੇ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਦੀ ਗੱਲ ਕੀਤੀ। ਉਨ੍ਹਾਂ ਦੱਸਿਆ ਕਿ ਰਾਜ ਸਰਕਾਰ ਪੰਜਾਬ ਵਿੱਚ ਨਵੇਂ ਉਦਯੋਗਾਂ ਨੂੰ ਸਥਾਪਿਤ ਕਰਨ ਲਈ ਯਤਨ ਕਰ ਰਹੀ ਹੈ। ਜਿਸ ਵਿੱਚ ਨੌਜਵਾਨਾਂ ਦੇ ਕੌਸ਼ਲ ਦਾ ਯੋਗਦਾਨ ਜ਼ਰੂਰੀ ਹੈ। ਉਨ੍ਹਾਂ ਆਯੋਜਕਾਂ ਨੂੰ ਨੌਜਵਾਨਾਂ ਦੇ ਪਲੇਸਮੈਂਟ ਲਈ ਆਪਸੀ ਸਹਿਯੋਗ ਦੀ ਗੱਲ ਆਖੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਮਨੁੱਖ ਦੀ ਜ਼ਿੰਦਗੀ ਦੀ ਕਾਮਯਾਬੀ ਦੀ ਨੀਂਹ ਰੱਖੀ ਜਾਂਦੀ ਹੈ ਅਤੇ ਕਿਹਾ ਕਿ ਆਪਣੇ ਅਧਿਆਪਕਾਂ ਅਤੇ ਵਿੱਦਿਅਕ ਸਥਾਨਾਂ ਨੂੰ ਹਮੇਸ਼ਾ ਹੀ ਯਾਦ ਰੱਖਣਾ ਚਾਹੀਦਾ ਹੈ। ਵਿਸ਼ੇਸ਼ ਮਹਿਮਾਨ ਮੁਨੀਸ਼ ਕੁਮਾਰ ਨੇ ਪੁਰਾਣੇ ਵਿਦਿਆਰਥੀਆਂ ਨੂੰ ਆਪਣੇ ਰੁਤਬੇ, ਰਿਸ਼ਤਿਆਂ, ਗਿਆਨ, ਤਜ਼ੁਰਬੇ ਅਤੇ ਪੂੰਜੀ ਰਾਹੀਂ ਨਵੇਂ ਵਿਦਿਆਰਥੀਆਂ ਦੀ ਮਦਦ ਕਰਨ ਦੀ ਅਪੀਲ ਕੀਤੀ। ਉਨ੍ਹਾਂ ਜੀ.ਕੇ.ਯੂ. ਦੇ 10 ਅਲੂਮਨਾਈ ਨੂੰ ਆਪਣੇ ਸਟਾਰਟ-ਅੱਪ ਸ਼ੁਰੂ ਕਰਨ ਵਿੱਚ ਮਾਲੀ ਮਦਦ ਕਰਨ ਦਾ ਵਾਅਦਾ ਵੀ ਕੀਤਾ। ਉਨ੍ਹਾਂ ਆਪਣੇ ਜ਼ਿੰਦਗੀ ਦੇ ਤਜ਼ੁਰਬੇ ਸਾਂਝੇ ਕਰਦੇ ਹੋਏ ਕਿਹਾ ਕਿ ਪ੍ਰੇਮ-ਪਿਆਰ ਤੇ ਸਹਿਯੋਗ ਨਾਲ ਉਦਯੋਗ ਤਰੱਕੀ ਕਰਦੇ ਹਨ। ਉਨ੍ਹਾਂ ਅਲੂਮਨੀ ਮੀਟ ਅਤੇ ਵਿਦਿਆਰਥੀਆਂ ਦਾ ਐਸ.ਆਰ.ਵੀ. ਵੱਲੋਂ ਨਕਦ ਸਹਿਯੋਗ ਵੀ ਕੀਤਾ।ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਵਿਕਾਸ ਅਤੇ ਤਰੱਕੀ ਦੇ ਲਈ ਨਵੀਂ ਸੋਚ ਅਤੇ ਨਵੇਂ ਵਿਚਾਰਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਪੁਰਾਣੇ ਵਿਦਿਆਰਥੀਆਂ ਨੂੰ ਵਰਸਿਟੀ ਦੇ ਰਾਜਦੂਤ ਦੱਸਦੇ ਹੋਏ ਕਿਹਾ ਕਿ ਉਹ ਆਪਣੇ ਸੰਸਕਾਰਾਂ ਅਤੇ ਕੰਮਾਂ ਰਾਹੀਂ ਨਵੀਆਂ ਪੈੜਾਂ ਪਾਉਣਗੇ। ਡਾ.ਧੀਮਾਨ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਰੁਜ਼ਗਾਰ ਮੰਗਣ ਵਾਲਿਆਂ ਦੀ ਬਜਾਏ ਰੁਜ਼ਗਾਰ ਪ੍ਰਦਾਤਾ ਬਣਨ ਲਈ ਕਿਹਾ। ਸਮਾਰੋਹ ਵਿੱਚ ਡਾ. ਕੰਵਲਜੀਤ ਕੌਰ ਡਾਇਰੈਕਟਰ ਯੁਵਾ ਅਤੇ ਸੱਭਿਆਚਾਰਕ ਮਾਮਲੇ ਦੀ ਦੇਖ ਰੇਖ ਹੇਠ ਵੱਖ-ਵੱਖ ਰਾਜਾਂ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਅਲੂਮਨੀ ਕੁਆਰਡੀਨੇਟਰ ਡਾ. ਵਿਜੈ ਲਕਸ਼ਮੀ ਨੇ ਵਿਦਿਆਰਥੀਆਂ ਨੂੰ ਉਜੱਵਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ ਅਤੇ ਪੁਰਾਣੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਅਤੇ ਹਾਸਿਲ ਕੀਤੇ ਗਏ ਉੱਚ ਰੁਤਬਿਆਂ ਦੀ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਅਲੂਮਨੀ ਮੀਟ ਵਿੱਚ ਭਾਰਤ ਦੇ 22 ਰਾਜਾਂ ਦੇ ਪੁਰਾਣੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਮੁੱਖ ਮਹਿਮਾਨ ਅਤੇ ਵਿਦਿਆਰਥੀਆਂ ਨੂੰ ਵਰਸਿਟੀ ਵੱਲੋਂ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਪੁਰਾਣੇ ਵਿਦਿਆਰਥੀਆਂ ਨੇ ਵਰਸਿਟੀ ਵਿੱਚ ਗੁਜਾਰੇ ਗਏ ਵਿਦਿਆਰਥੀ ਜੀਵਨ ਨੂੰ ਜ਼ਿੰਦਗੀ ਦਾ ਬਹੁਮੁੱਲਾ ਸਰਮਾਇਆ ਦੱਸਿਆ ਅਤੇ ਆਪਸੀ ਸਹਿਯੋਗ ਦੀ ਪ੍ਰਣ ਲਿਆ।ਲਵਲੀਨ ਸੱਚਦੇਵਾ ਅਤੇ ਡਾ.ਜੀਨੀਅਸ ਵਾਲੀਆ ਦੇ ਵਿਲੱਖਣ ਅਤੇ ਸ਼ਾਇਰਾਨਾ ਅੰਦਾਜ਼ ਵਿੱਚ ਕੀਤੇ ਗਏ ਮੰਚ ਸੰਚਾਲਨ ਨੇ ਸਰੋਤਿਆਂ ਦੀ ਖੂਬ ਵਾਹ-ਵਾਹ ਖੱਟੀ।

# ਬਰਨਾਲਾ ਦੇ ਠੀਕਰੀਵਾਲ ਵਿਖੇ ਹੋਈ ਗੁਰਬਾਣੀ ਬੇਅਦਬੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਸਿਆਸੀ ਆਪਣੀ ਰੰਜਸ਼ ਕੱਢਣ ਲਈ ਗੁਰਬਾਣੀ ਬੇਅਦਬੀ ਦੀ ਵੀ ਪ੍ਰਵਾਹ ਨਹੀਂ ਕਰਦੇ ? ਸਿੱਖ ਸਟੂਡੈਂਟਸ ਫੈਡਰੇਸ਼ਨ



ਜੰਡਿਆਲਾ ਗੁਰੂ, 24 ਜਨਵਰੀ ( ਕੁਲਵੰਤ ਸਿੰਘ ਵਿਰਦੀ )- ਬਰਨਾਲਾ ਦੇ ਪਿੰਡ ਠੀਕਰੀਵਾਲ ਵਿਖੇ ਹੋਈ ਗੁਰਬਾਣੀ ਬੇਅਦਬੀ ਦੇ ਪਿੱਛੇ ਗੁਰਦੁਆਰੇ ਦੀ ਪ੍ਰਬੰਧਕ ਕਮੇਟੀ ਨਾਲ ਕੁਲਦੀਪ ਸਿੰਘ ਦੀ ਰੰਜਸ਼ ਕਾਰਨ ਵਾਪਰਿਆ ਸਥਾਨਕ ਡੀ ਐਸ ਪੀ ਪੰਜਾਬ ਪੁਲਿਸ ਨੇ ਖੁਲਾਸਾ ਕੀਤਾ ਕਿ ਇਸ ਘਟਨਾ ਦੇ ਦੋਸ਼ੀਆਂ ਨੂੰ ਕੈਮਰਿਆਂ ਦੀ ਫੁਟੇਜ ਨਾਲ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਇਸ ਮੰਦਭਾਗੀ ਘਟਨਾ ਦਾ ਸਾਜ਼ਿਸ਼ਘਾੜਾ ਕੁਲਦੀਪ ਸਿੰਘ ਜੋ ਬਲਾਕ ਸੰਮਤੀ ਦਾ ਮੈਂਬਰਾਂ ਦੱਸਿਆ ਜਾ ਰਿਹਾ ਜਦੋਂ ਕਿ ਗੁਟਕੇ ਸਾਹਿਬ ਦੇ ਅੰਗ ਖਿਲਾਰਨ ਦੀ ਟ੍ਰੇਨਿੰਗ ਕੁਲਦੀਪ ਸਿੰਘ ਨੇ ਆਪਣੇ ਭਤੀਜੇ ਨੂੰ ਦਿੱਤੀ ਅਤੇ ਉਸ ਦੇ ਨਾਲ ਸੁਲਤਾਨ ਪੁਰ ਵਾਸੀ ਰਘਬੀਰ ਸਿੰਘ ਜੋ ਉਸ ਦਾ ਰਿਸ਼ਤੇਦਾਰ ਸੀ ਪੁਲਿਸ ਨੇ ਦੋ ਨੂੰ ਪਰਚਾ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਹੈ ਅਤੇ ਕੁਲਦੀਪ ਸਾਜ਼ਿਸ਼ ਘਾੜੇ ਨੂੰ ਵੀ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇ ਇਸ ਘਟਨਾ ਕਰਕੇ ਸਥਾਨਕ ਲੋਕਾਂ ਅਤੇ ਹੋਰ ਸਿੱਖ ਜਥੇਬੰਦੀਆਂ ਨੇ ਕਾਫੀ ਰੋਹ ਪਾਇਆ ਜਾ ਅਤੇ ਮੰਗ ਕੀਤੀ ਜਾ ਰਹੀ ਹੈ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗਿਰਫ਼ਤਾਰ ਕਰ ਸਖਤ ਸਜ਼ਾ ਸੁਣਾਈ ਜਾਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਬਰਨਾਲਾ ਦੇ ਠੀਕਰੀਵਾਲ ਪਿੰਡ ਵਿੱਚ ਗੁਟਕੇ ਸਾਹਿਬ ਦੇ ਅੰਗ ਗਲੀਆਂ 'ਚ ਲਿਖਾਰਨ ਵਾਲੀ ਘਟਨਾ ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਡੀ ਐਸ ਪੀ ਬਰਨਾਲਾ ਦੇ ਦੱਸਣ ਅਨੁਸਾਰ ਸਪੱਸ਼ਟ ਕੀਤਾ ਕਿ ਕੁਲਦੀਪ ਸਿੰਘ ਪਿੰਡ ਠੀਕਰੀਵਾਲ ਜੋ ਬਲਾਕ ਸੰਮਤੀ ਦਾ ਮੈਂਬਰ ਦੱਸਿਆ ਜਾ ਰਿਹਾ ਹੈ ਅਤੇ ਪਿਛਲੇ ਦਿਨੀਂ ਬਲਾਕ ਸੰਮਤੀ ਦੀ ਸਾਰੀ ਟੀਮ ਨੂੰ ਗੁਰਦੁਆਰਾ ਸਾਹਿਬ ਦੀ ਕਮੇਟੀ ਨੇ ਸੀਰੀਪਾਓ ਦੇ ਕੇ ਸਨਮਾਨਿਤ ਕੀਤਾ ਸੀ ਅਤੇ ਕੁਲਦੀਪ ਸਿੰਘ ਜੋ ਬਲਾਕ ਸੰਮਤੀ ਦਾ ਮੈਂਬਰ ਚੁਣਿਆ ਗਿਆ ਸੀ ਸਨਮਾਨਿਤ ਨਹੀਂ ਕੀਤਾ ਗਿਆ, ਭਾਈ ਖਾਲਸਾ ਨੇ ਦੱਸਿਆ ਇਸੇ ਕਰਕੇ ਕੁਲਦੀਪ ਸਿੰਘ ਨੇ ਕਮੇਟੀ ਨੂੰ ਸਬਕ. ਸਿਖਾਉਣ ਲਈ ਗੁਰਬਾਣੀ ਬੇਅਦਬੀ ਦੀ ਗੰਦੀ ਸਿਆਸਤ ਦੀ ਵਰਤੋਂ ਰਾਹੀਂ ਆਪਣੇ ਭਤੀਜੇ ਜਿਸ ਨੂੰ ਬਚਪਨ ਤੋਂ ਪਾਲਿਆਂ ਸੀ ਨੂੰ ਚੁਣਿਆ ਜੋ ਗੂੰਗਾ ਅਤੇ ਬਹਿਰਾਂ ਵੀ ਹੈ ਪਰ ਉਹ ਕੁਲਦੀਪ ਸਿੰਘ ਦੀ ਭਾਸ਼ਾ ਨੂੰ ਸਮਝਦਾ ਸੀ, ਭਾਈ ਖਾਲਸਾ ਨੇ ਦੱਸਿਆ ਇਸ ਦੇ ਨਾਲ ਕੁਰਦੀਪ ਸਿੰਘ ਨੇ ਪਿੰਡ ਸੁਲਤਾਨਪੁਰ ਦੇ ਆਪਣੇ ਇਕ ਰਿਸ਼ਤੇਦਾਰ ਦਾ ਸਹਾਰਾ ਲਿਆ ਅਤੇ ਜਦੋਂ ਕੈਮਰਿਆਂ ਦੀ ਫੁਟੇਜ ਨਾਲ ਇਨ੍ਹਾਂ ਨੂੰ ਗ੍ਰਿਫਤਾਰ ਕੀਤਾ ਗਿਆ ਤਾਂ ਸਾਰੀ ਘਟਨਾ ਸਹਾਮਣੇ ਆਈ ਕਿ ਕੁਲਦੀਪ ਸਿੰਘ ਜੋ ਕਾਂਗਰਸੀ ਦੱਸਿਆ ਜਾ ਰਿਹਾ ਉਸ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਬਦਲਾਂ ਲੈਣ ਲਈ ਸੇਵਾ ਸਿੰਘ ਠੀਕਰੀਵਾਲ ਦੀ ਬਰਸੀ ਮੌਕੇ ਇਸ ਵਾਰਦਾਤ ਨੂੰ ਅੰਜ਼ਾਮ ਦਿੱਤਾ, ਭਾਈ ਖਾਲਸਾ ਨੇ ਦੱਸਿਆ ਪਹਿਲਾਂ ਪੁਲਿਸ ਪਰਚਾ ਦਰਜ ਨਹੀਂ ਸੀ ਕਰ ਰਹੀ ਪਰ ਜਥੇਦਾਰ ਧਨੌਲਾ ਦੇ ਸਟੈਂਡ ਲੈਣ ਤੇ ਬਰਨਾਲਾ ਸਦਰ ਥਾਣਾ ਨੇ ਇੰਨ ਦੋਸ਼ੀਆਂ ਕਈ ਧਰਾਵਾਂ ਲਾ ਕੇ ਪਰਚਾ ਦਰਜ਼ ਕਰ ਲਿਆ ਹੈ, ਭਾਈ ਖਾਲਸਾ ਨੇ ਸਪੱਸ਼ਟ ਇਸ ਘਟਨਾ ਤੋਂ ਸਾਫ਼ ਜ਼ਾਹਰ ਹੋ ਰਿਹਾ ਹੈ ਸਿਆਸੀ ਲੋਕ ਆਪਣੀ ਰੰਜਸ਼ ਕਾਰਨ ਗੁਰਬਾਣੀ ਬੇਅਦਬੀ ਵਾਲਾ ਹਥਿਆਰ ਵੀ ਵਰਤਣ ਤੋਂ ਗ.ਰੇਜ਼ ਨਹੀਂ ਕਰਦੇ ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਇਸ ਮੰਦਭਾਗੀ ਘਟਨਾ ਦੀ ਜ਼ੋਰਦਾਰ ਸ਼ਬਦਾਂ ਵਿਚ ਨਿੰਦਾ ਕਰਦੀ ਹੋਈ ਮੰਗ ਕਰਦੀ ਹੈ ਕਿ ਇਨ੍ਹਾਂ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ ਕਿਉਂਕਿ ਇਹਨਾਂ ਦੋਸ਼ੀਆਂ ਨੇ ਜਾਣਬੁੱਝ ਕੇ ਗੁਰਬਾਣੀ ਦੀ ਬੇਅਬਦੀ ਨੂੰ ਅੰਜਾਮ ਦਿੱਤਾ, ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ, ਭਾਈ ਦਿਲਬਾਗ ਸਿੰਘ ਬਾਗੀ, ਭਾਈ ਧੰਨਾ ਸਿੰਘ ਬਰਨਾਲਾ, ਭਾਈ ਸੁਰਿੰਦਰ ਸਿੰਘ ਤੇ ਭਾਈ ਵਿਕਰਮ ਸਿੰਘ ਆਦਿ ਆਗੂ ਹਾਜ਼ਰ ਸਨ ।

# ਆਪ ਪਾਰਟੀ ਵਿੱਚ ਮਿਹਨਤੀ ਵਰਕਰਾਂ ਨੂੰ ਮਿਲਦਾ ਹੈ ਮਾਣ ਸਨਮਾਨ: ਹਰਭਜਨ ਸਿੰਘ ਈ ਟੀ ਉ



ਜੰਡਿਆਲਾ ਗੁਰੂ 24 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਆਮ ਆਦਮੀ ਪਾਰਟੀ ਵਿੱਚ ਹਰੇਕ ਮਿਹਨਤੀ ਵਰਕਰਾਂ ਨੂੰ ਮਿਲਦਾ ਹੈ ਮਾਣ ਸਨਮਾਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹੋਇਆ ਸਰਦਾਰ ਹਰਭਜਨ ਸਿੰਘ ਈ ਟੀ ਉ ਕੈਬਨਿਟ ਮੰਤਰੀ ਪੰਜਾਬ ਜੀ ਨੇ ਮੈਡਮ ਸਰਬਜੀਤ ਕੌਰ ਜੰਡਿਆਲਾ ਗੁਰੂ ਨੂੰ ਸੋਸ਼ਲ ਮੀਡੀਆ ਬਲਾਕ ਕੁਆਂਡੀਨੇਟਰ ਵਜੋਂ ਨਿਯੁਕਤ ਹੋਣ ਤੇ ਆਮ ਆਦਮੀ ਪਾਰਟੀ ਦੇ ਦਫ਼ਤਰ ਜੰਡਿਆਲਾ ਗੁਰੂ ਵਿਖੇ ਸਨਮਾਨਿਤ ਕਰਨ ਦੌਰਾਨ ਕਿਹਾ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੈਡਮ ਸਰਬਜੀਤ ਕੌਰ ਬਲਾਕ ਕੁਆਂਡੀਨੇਟਰ ਨੇ ਦੱਸਿਆ ਕਿ ਸ੍ਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਉ ਜੀ ਨੇ ਜਿੱਥੇ ਹਜ਼ਾਰਾਂ ਨੌਜਵਾਨਾਂ ਨੂੰ ਨੌਕਰੀਆਂ ਤੇ ਰੁਜ਼ਗਾਰ ਦਿੱਤਾ ਹੈ ਅਤੇ ਹੁਣ ਪੰਜਾਬ ਸਰਕਾਰ ਵੱਲੋਂ ਹਰ ਇੱਕ ਪੰਜਾਬ ਵਾਸੀ ਨੂੰ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਦੇ ਪ੍ਰਾਈਵੇਟ ਹਸਪਤਾਲਾਂ ਵਿੱਚ ਕਿਸੇ ਵੀ ਮੁਸ਼ਕਲ ਦੇ ਸਮੇਂ ਇਲਾਜ ਕਰਵਾਉਣ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਸਹੂਲਤ ਨੂੰ ਹਰ ਘਰ ਪਰਿਵਾਰ ਤੱਕ ਪਹੁੰਚਾਉਣ ਲਈ ਆਪ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਅਹਿਮ ਰੋਲ ਅਦਾ ਕਰਨਗੇ।

## ਇੱਕ ਨਜ਼ਰ ...



## ਗਣਤੰਤਰ ਦਿਵਸ ਦੀਆਂ ਤਿਆਰੀਆਂ ਮੁਕੰਮਲ ਡਿਪਟੀ ਕਮਿਸਨਰ ਦਲਵਿੰਦਰਜੀਤ ਸਿੰਘ

ਜੰਡਿਆਲਾ ਗੁਰੂ 24 ਜਨਵਰੀ (ਕੁਲਵੰਤ ਸਿੰਘ ਵਿਰਦੀ) – 26 ਜਨਵਰੀ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਹੋਈ, ਜਿਸ ਦੌਰਾਨ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ: ਦਲਵਿੰਦਰਜੀਤ ਸਿੰਘ ਵਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਸ: ਦਲਵਿੰਦਰਜੀਤ ਸਿੰਘ ਵੱਲੋਂ ਪਰੇਡ ਦਾ ਮੁਆਇਨਾ ਕੀਤਾ ਗਿਆ।ਇਸ ਉਪਰੰਤ ਪਰੇਡ ਕਮਾਂਡਰ ਸ੍ਰੀ ਪਾਰਸ ਗਰਗ ਦੀ ਕਮਾਂਡ ਹੇਠ ਪੰਜਾਬ ਪੁਲਿਸ ਦੇ ਜਵਾਨਾਂ, ਪੰਜਾਬ ਪੁਲਿਸ ਦੀ ਮਹਿਲਾ ਪਲਟੂਨ, ਪੰਜਾਬ ਹੋਮਗਾਰਡ ਅਤੇ ਪੰਜਾਬ ਪੁਲਿਸ ਦੇ ਬੈਂਡ ਵੱਲੋਂ ਸ਼ਾਨਦਾਰ ਪਾਰਚ ਪਾਸਟ ਕੀਤਾ ਗਿਆ। ਇਸ ਤੋਂ ਬਾਅਦ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਵੱਲੋਂ ਕੋਰਿਓਗ੍ਰਾਫੀ, ਗਿੱਧਾ, ਭੰਗੜਾ ਸਮੇਤ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 26 ਜਨਵਰੀ ਨੂੰ ਅੰਮ੍ਰਿਤਸਰ ਵਿਖੇ ਗਣਤੰਤਰ ਦਿਵਸ ਸਮਾਗਮ ਪੂਰੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਮਾਲ, ਪੁਨਰਵਾਸ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਤੇ ਸੈਨੀਟੇਸ਼ਨ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਪੰਜਾਬ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ।ਉਨ੍ਹਾਂ ਕਿਹਾ ਕਿ ਸਾਰੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀ ਆਪਣਾ ਫ਼ਰਜ ਸਮਝਦੇ ਹੋਏ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ। ਇਸਦੇ ਨਾਲ ਹੀ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਵਧਾਉਣ ਫੁੱਲ ਡਰੈੱਸ ਰਿਹਰਸਲ ਤੋਂ ਬਾਅਦ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਸਮਾਗਮ ਦੀ ਸਫਲਤਾ ਲਈ ਜਰੂਰੀ ਦਿਸ਼ਾ ਨਿਰਦੇਸ਼ ਦਿੱਤੇ।ਇਸ ਮੌਕੇ ਵਧੀਕ ਪੁਲਿਸ ਕਮਿਸ਼ਨਰ ਜਗਜੀਤ ਸਿੰਘ ਵਾਲੀਆ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ, ਐਸ.ਡੀ.ਐਮ-1 ਸ: ਅਮਨਪ੍ਰੀਤ ਸਿੰਘ, ਜਿਲ੍ਹਾ ਮਾਲ ਅਫ਼ਸਰ ਸ: ਨਵਕਿਰਤ ਸਿੰਘ, ਜਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ: ਕੰਵਲਜੀਤ ਸਿੰਘ, ਉੱਪ ਜਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਰਾਜੇਸ਼ ਖੰਨਾ, ਜਿਲ੍ਹਾ ਸਮਾਜਿਕ ਤੇ ਸੁਰੱਖਿਆ ਅਫ਼ਸਰ ਸ: ਅਸੀਸਇੰਦਰ ਸਿੰਘ, ਸਕੱਤਰ ਰੈਡ ਕਰਾਸ ਸ੍ਰੀ ਸੈਮਸਨ ਮਸੀਹ, ਡਿਪਟੀ ਡਾਇਰੈਕਟਰ ਸ੍ਰੀ ਸ਼ੇਰਜੰਗ ਸਿੰਘ ਹੁੰਦਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਆਪ ਵਲੰਟੀਅਰ ਘਰ-ਘਰ ਜਾ ਕੇ ਵੰਡਣਗੇ ਮੁੱਖ ਮੰਤਰੀ ਸਿਹਤ ਬੀਮਾ ਕਾਰਡ ਦੀਆਂ ਪਰਚੀਆਂ : ਪ੍ਰਭਬੀਰ ਸਿੰਘ ਬਰਾੜ

ਜੰਡਿਆਲਾ ਗੁਰੂ, 24 ਜਨਵਰੀ ( ਕੁਲਵੰਤ ਸਿੰਘ ਵਿਰਦੀ)- ਆਮ ਆਦਮੀ ਪਾਰਟੀ ਅੰਮ੍ਰਿਤਸਰ ਸ਼ਹਿਰ



ਦੇ ਜ਼ਿਲ੍ਹਾ ਪ੍ਰਧਾਨ ਅਤੇ ਪਨਸਪ (ਪੰਜਾਬ) ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ 22 ਜਨਵਰੀ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਦੇ ਹਰ ਪਰਿਵਾਰ ਲਈ ਸਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਨੂੰ ਯਕੀਨੀ ਬਣਾਉਣ ਵਾਲੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ।ਪ੍ਰਭਬੀਰ ਸਿੰਘ ਬਰਾੜ ਨੇ ਦੱਸਿਆ ਕਿ ਇਸ ਇਤਿਹਾਸਕ ਸਿਹਤ ਯੋਜਨਾ ਤਹਿਤ ਕਿਸੇ ਵੀ ਤਰ੍ਹਾਂ ਦੀ ਇਨਕਮ ਸਲੈਬ ਜਾਂ ਜਾਤੀ ਅਧਾਰਿਤ ਸ਼ਰਤ ਨਹੀਂ ਰੱਖੀ ਗਈ।ਪੰਜਾਬ ਦਾ ਹਰ ਨਾਗਰਿਕ ਬਿਨਾਂ ਕਿਸੇ ਭੇਦ-ਭਾਵ ਦੇ ਇਸ ਸਿਹਤ ਬੀਮਾ ਕਾਰਡ ਦਾ ਹੱਕਦਾਰ ਹੋਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਲੰਟੀਅਰ ਘਰ-ਘਰ ਜਾ ਕੇ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਣਕਾਰੀ ਦੇਣਗੇ ਅਤੇ ਸਿਹਤ ਬੀਮਾ ਕਾਰਡ ਨਾਲ ਸਬੰਧਿਤ ਪਰਚੀਆਂ ਵੰਡਣਗੇ।ਉਨ੍ਹਾਂ ਹੋਰ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਲੋਕਾਂ ਦੀ ਸਿਹਤ, ਸਿੱਖਿਆ ਅਤੇ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਮਜ਼ਬੂਤ ਕਰ ਰਹੀ ਹੈ ਅਤੇ ਇਹ ਸਿਹਤ ਬੀਮਾ ਯੋਜਨਾ ਪੰਜਾਬ ਨੂੰ ਤੰਦਰੁਸਤ ਅਤੇ ਖੁਸ਼ਹਾਲ ਬਣਾਉਣ ਵੱਲ ਇੱਕ ਵੱਡਾ ਕਦਮ ਹੈ।

## ਬੇਅਦਬੀ ਦੀਆਂ ਜਾਰੀ ਘਟਨਾਵਾਂ ਰੋਕਣ ਲਈ ਸਰਕਾਰ ਸਖਤ ਕਾਨੂੰਨ ਬਣਾਏ : ਸਲੇਮਪੁਰ

ਧੂਰੀ, 24 ਜਨਵਰੀ ( ਰਣਜੀਤ ਸਿੰਘ ਪੇਧਨੀ ) ਬੀਤੇ ਕੱਲ ਜਲੰਧਰ ਦੇ ਥਾਣਾ ਗੁਰਾਇਆ ਦੇ ਪਿੰਡ



ਮਾਹਲਾ ਦੇ ਗੁਰਦੁਆਰਾ ਸਾਹਿਬ ਵਿੱਚ ਕਿਸੇ ਸਰਾਰਤੀ ਅਨਸਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਪਾੜੇ ਹੋਏ ਅੰਗਾਂ ਦੀ ਕੀਤੀ ਬੇਅਦਬੀ ਦੀ ਨਿਖੇਧੀ ਕਰਦਿਆ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਸ, ਹਰਬੰਸ ਸਿੰਘ ਸਲੇਮਪੁਰ, ਮਨਜੀਤ ਸਿੰਘ ਧਾਮੀ ਸੇਰਪੁਰ,ਅਮਰਜੀਤ ਸਿੰਘ ਬਾਦਸ਼ਾਹਪੁਰ ਜਿਲ੍ਹਾ ਪ੍ਰਧਾਨ ਕਿਸਾਨ ਵਿੰਗ ਅਤੇ ਮੁਲਾਜਮ ਵਿੰਗ ਦੇ ਸੂਬਾ ਪ੍ਰਧਾਨ ਵਾਸਬੀਰ ਸਿੰਘ ਭੁੱਲਰ ਨੇ ਕਿਹਾ ਕਿ ਇਹ ਘਟਨਾ ਦਿਲ ਦਹਿਲਾ ਦੇਣ ਵਾਲੀ ਘਟਨਾ ਹੈ ਤੇ ਦੋਸੀਆਂ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਨੂੰ ਜੀਵਨ ਦੀ ਅਗਵਾਈ ਦਿੰਦੇ ਹਨ ਜਿਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਤੇ ਮਰਯਾਦਾ ਨੂੰ ਕਾਇਮ ਰੱਖਣਾ ਤੇ ਗੁਰੂ ਘਰਾਂ ਦੀ ਚੇਤੰਨ ਹੋ ਕੇ ਸੇਵਾ ਸੰਭਾਲ ਕਰਨੀ ਜਰੂਰੀ ਹੈ । ਉਨਾ ਕਿਹਾ ਕਿ ਮਨੁੱਖਤਾਂ ਨੂੰ ਸਹੀ ਮਾਰਗ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀ ਕੋਸਿਸ ਕਰਨ ਤੇ ਬੇਅਦਬੀ ਕਰਨ ਦੀਆਂ ਘਟਨਾਵਾਂ ਜਾਰੀ ਹਨ ਤੇ ਦੋਸੀਆਂ ਤੋਂ ਸਖਤੀ ਨਾਲ ਪੁੱਛਗਿੱਛ ਕਰਕੇ ਇਸ ਸਾਜਿਸ ਦੇ ਪਿੱਛੇ ਕੰਮ ਕਰਨ ਵਾਲੇ ਮਾਸਟਰ ਮਾਈਂਡ ਨੂੰ ਵੀ ਜਨਤਕ ਕੀਤਾ ਜਾਣਾ ਚਾਹੀਦਾ ਹੈ । ਉਨਾ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਨੂੰ ਰਾਜਸੀ ਲਾਹਾ ਲੈਣ ਲਈ ਵੀ ਵਰਤਿਆ ਜਾਣਾ ਮੰਦਭਾਗਾ ਹੈ । ਉਨਾ ਕਿਹਾ ਕਿ ਕਨੂੰਨ ਦੇ ਸਖਤ ਨਿਯਮ ਨਾ ਹੋਣ ਕਾਰਨ ਬੇਅਦਬੀ ਦੀਆਂ ਘਟਨਾਵਾਂ ਆਏ ਦਿਨ ਵਧ ਰਹੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਨੂੰ ਰੋਕਣ ਲਈ ਸਖਤ ਸਜਾਵਾਂ ਅਮਲ ਵਿੱਚ ਲਿਆਦੀਆਂ ਜਾਣੀਆਂ ਚਾਹੀਦੀਆਂ ਹਨ।

# 'ਪੰਜਾਬ ਸਰਕਾਰ ਵੱਲੋਂ ਲਾਂਚ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਸਿਹਤ ਖੇਤਰ 'ਚ ਇਤਿਹਾਸਕ ਕ੍ਰਾਂਤੀ'

ਸੰਗਾਲਾ, ਧੂਰੀ, 24 ਜਨਵਰੀ (ਰਣਜੀਤ ਸਿੰਘ ਪੇਧਨੀ )- ਆਮ ਆਦਮੀ ਪਾਰਟੀ ਵੱਲੋਂ ਅੱਜ ਕੌਮੀ ਕਨਵੀਨਰ ਅਰਵਿੰਦ



ਕੇਜਰੀਵਾਲ ਦੀ ਮੌਜੂਦਗੀ 'ਚ ਮੋਹਾਲੀ ਵਿਖੇ ਲਾਂਚ ਕੀਤੀ ਗਈ ਹੈ । ਪੰਜਾਬ ਵਿੱਚ ਅੱਜ ਸਿਹਤ ਖੇਤਰ ਦੇ ਇਤਿਹਾਸ ਦੀ ਸਭਤੋਂ ਵੱਡੀ ਅਤੇ ਕ੍ਰਾਂਤੀਕਾਰੀ ਯੋਜਨਾ ਦੀ ਸ਼ੁਰੂਆਤ ਹੋਈ ਹੈ।ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਤੱਕ ਦਾ ਪੂਰੀ ਤਰ੍ਹਾਂ ਨਕਦੀ ਰਹਿਤ ਇਲਾਜ ਦੀ ਸੁਵਿਧਾ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ, ਆਮ ਲੋਕਾਂ ਦੀ ਸਿਹਤ ਨੂੰ ਸਭ ਤੋਂ ਉੱਚੀ ਤਰਜੀਹ ਦੇ ਰਹੀ ਹੈ।ਇਸ ਤੋਂ ਪਹਿਲਾਂ ਸੂਬੇ ਭਰ ਵਿੱਚ ਪਹਿਲੀ ਵਾਰ ਮੁੱਹਲਾ ਕਲੀਨਿਕਾਂ ਰਾਹੀਂ ਘਰੋਂ-ਘਰੀਂ ਇਲਾਜ ਦੀ ਸਹੂਲਤ ਪਹੁੰਚਾਉਣ ਦਾ ਕੰਮ ਵੀ ਕੀਤਾ ਗਿਆ ਹੈ। ਹਰਜੀ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਲਗਭਗ 65 ਲੱਖ ਪਰਿਵਾਰਾਂ ਨਾਲ ਸਬੰਧ ਰੱਖਦੇ ਕਰੀਬ ਤਿੰਨ ਕਰੋੜ ਤੋਂ ਵੱਧ ਨਾਗਰਿਕਾਂ ਨੂੰ ਸਿੱਧਾ ਲਾਭਮਿਲੇਗਾ।ਹੁਣ ਕਿਸੇ ਵੀ ਪੰਜਾਬੀ ਨੂੰ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ। ਮਹਿੰਗੇ ਇਲਾਜ, ਹਸਪਤਾਲਾਂ ਦੇ ਭਾਰੀ ਬਿੱਲਾਂ ਅਤੇ ਕਰਜ਼ੇ ਦੇ ਬੋਝ ਤੋਂ ਲੋਕਾਂ ਨੂੰ ਰਾਹਤ ਦਿਵਾਉਣ ਵੱਲ ਇਹ ਯੋਜਨਾ ਇੱਕ ਮੀਲ ਪੱਥਰ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜਿੱਥੇ ਸਿਹਤ ਖੇਤਰ ਨੂੰ ਅਣਡਿੱਠਾ ਕੀਤਾ, ਉੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਨਤਾ ਦੀ ਜ਼ਿੰਦਗੀ ਅਤੇ ਸਿਹਤ ਦੀ ਸੁਰੱਖਿਆ ਨੂੰ ਸਭ ਤੋਂ ਉਪਰ ਰੱਖਿਆ। ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਗੁਜਾਰੀ 'ਤੇ ਸਵਾਲ ਚੁੱਕਣ ਵਾਲੇ ਵਿਰੋਧੀ ਆਗੂਆਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਉਨ੍ਹਾਂ ਦੀਆਂ ਸਰਕਾਰਾਂ ਨੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਜਾਰੀ ਪੋਸਟ-ਮੈਟ੍ਰਿਕ ਸਕਾਲਰਸ਼ਿਪ ਦੇ ਫੰਡਾਂ ਨੂੰ ਵੀ ਲੋੜਵੰਦਾਂ ਤੱਕ ਪਹੁੰਚਾਉਣ ਦੀ ਬਜਾਏ ਖੁਦ ਹਜਮ ਕੀਤਾ ਹੋਇਆ ਹੈ। ਹਰਜੀ ਮਾਨ ਨੇ ਕਿਹਾ ਕਿ ਇਹ ਯੋਜਨਾ ਗਰੀਬ, ਮੱਧ ਵਰਗ ਅਤੇ ਲੋੜਵੰਦ ਪਰਿਵਾਰਾਂ ਲਈ ਸੰਜੀਵਨੀ ਸਾਬਤ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਦੀ ਜੋੜੀ ਪੰਜਾਬ ਨੂੰ ਸਿਹਤਮੰਦ, ਤਾਕਤਵਰ ਅਤੇ ਆਤਮ-ਨਿਰਭਰ ਰਾਜ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ। ਮੁੱਖ ਮੰਤਰੀ ਸਿਹਤ ਯੋਜਨਾ' ਇਸ ਗੱਲ ਦਾ ਸਪਸ਼ਟ ਸਬੂਤ ਹੈ ਕਿ ਆਮ ਆਦਮੀ ਪਾਰਟੀ ਜੋ ਕਹਿੰਦੀ ਹੈ, ਉਹ ਕਰ ਕੇ ਵੀ ਦਿਖਾਂਦੀ ਹੈ।

# ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀਆਂ ਧਮਕੀਆਂ ਬਹੁਤ ਹੀ ਚਿੰਤਾਜਨਕ ਮੁੱਦਾ ਬਣ ਗਿਆ ਹੈ ?

## ਗੁਰਦਾਸਪੁਰ ਦੇ ਸਕੂਲਾਂ ਨੂੰ ਧਮਕੀਆਂ ਦੇਣ ਵਾਲਿਆਂ ਨੂੰ ਜਲਦੀ ਕਾਬੂ ਕਰੇ ਸਰਕਾਰ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 23 ਜਨਵਰੀ( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀਆਂ ਧਮਕੀਆਂ ਮਿਲਣੀਆਂ ਲਗਾਤਾਰ ਜਾਰੀ ਹਨ ਇਹ ਧਮਕੀਆਂ ਅੰਮ੍ਰਿਤਸਰ ਤੋਂ ਜ਼ਿਲੇ ਦੇ ਸਕੂਲਾਂ ਤੋਂ ਇਲਾਵਾ ਕਈ ਹੋਰ ਜ਼ਿਲ੍ਹੇ ਦੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਤੋਂ ਬਾਅਦ ਹੁਣ ਗੁਰਦਾਸਪੁਰ ਦੇ ਕਈ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਪ੍ਰਾਪਤ ਹੋਈਆਂ ਹਨ ਜਿਸ ਦੇ ਸਿੱਟੇ ਵਜੋਂ ਇਨ੍ਹਾਂ ਸਕੂਲਾਂ ਵਿਚ ਛੁਟੀਆਂ ਕਰ ਦਿੱਤੀਆਂ ਗਈਆਂ ਹਨ ਅਤੇ ਸੁਰੱਖਿਆ ਦਸਤੇ ਜਾਚ ਪੜਤਾਲ ਵਿੱਚ ਲੱਗ ਗਏ ਹਨ, ਇਨ੍ਹਾਂ ਧਮਕੀਆਂ ਕਰਕੇ ਗੁਰਦਾਸਪੁਰ ਜ਼ਿਲ੍ਹੇ ਦੇ ਸਕੂਲੀ ਬੱਚਿਆਂ ਦੇ ਮਾਪੇ ਪੂਰੀ ਤਰ੍ਹਾਂ ਸਹਿਮੇ ਹੋਏ ਸਰਕਾਰ ਤੋਂ ਮੰਗ ਕਰ ਰਹੇ ਹਨ ਕਿ ਸਰਕਾਰ ਅਜਿਹੇ ਲੋਕਾਂ ਤੇ ਸਖ਼ਤ ਕਾਨੂੰਨੀ ਸ਼ਿਕੰਜਾ ਕੱਸਣ ਦੀ ਲੋੜ ਤੇ ਜ਼ੋਰ ਦੇਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀਆਂ ਮਿਲੀਆਂ ਧਮਕੀਆਂ ਤੇ ਗਹਿਰੀ ਚਿੰਤਾ ਅਤੇ ਸਰਕਾਰ ਨੂੰ ਅਜਿਹੇ ਦਾਹਿਸਤਗਰਦ ਸਮਾਜ ਵਿਰੋਧੀ ਅਨਸਰਾਂ ਨੂੰ ਜਲਦੀ ਤੋਂ ਜਲਦੀ ਕਾਬੂ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਕਿਹਾ ਸਕੂਲਾਂ ਵਿੱਚ ਅਜਿਹੀਆਂ ਧਮਕੀਆਂ ਮਿਲਣ ਕਰਕੇ ਜਿਥੇ ਸਕੂਲਾਂ ਵਿੱਚ ਪੜ੍ਹਨ ਵਾਲਿਆਂ ਦੇ ਮਾਪੇ,ਸਥਾਨਕ ਸਕੂਲਾਂ ਦੇ ਅਧਿਆਪਕੀ ਸਟਾਫ ਅਤੇ ਲੋਕਾਂ ਵਿਚ ਦਾਹਿਸਤ ਦਾ ਮਹੌਲ ਪਾਇਆ ਜਾ ਰਿਹਾ ਹੈ ਅਤੇ ਉਹ ਮੰਗ ਕਰ ਰਹੇ ਹਨ ਕਿ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਵਾਲੇ ਸਮਾਜ਼ ਵਿਰੋਧੀ ਅਨਸਰਾਂ ਨੂੰ ਜਲਦੀ ਕਾਬੂ ਕੀਤਾ ਜਾਵੇ ਕਿਉਂਕਿ ਇਹ ਮਾਮਲਾ ਬੱਚਿਆਂ ਦੇ ਵਿਦਿਆ ਭਵਿੱਖ ਨਾਲ ਜੁੜਿਆ ਹੋਇਆ ਹੈ ਅਤੇ ਸਰਕਾਰ ਨੂੰ ਪਹਿਲ ਦੇ ਆਧਾਰ ਤੇ ਇਸ ਮਸਲੇ ਦਾ ਪੱਕਾ ਹੱਲ ਲੱਭਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ।ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ, ਭਾਈ ਦਿਲਬਾਗ ਸਿੰਘ ਬਾਗੀ, ਭਾਈ ਸੁਖਦੇਵ ਸਿੰਘ ਫੌਜੀ ਜਗਰਾਓਂ, ਭਾਈ ਸੁਰਿੰਦਰ ਸਿੰਘ ਆਦਮਪੁਰ ਤੇ ਭਾਈ ਵਿਕਰਮ ਸਿੰਘ ਪੰਡੋਰੀ ਨਿੱਜਰ ਆਦਿ ਤੋਂ ਇਲਾਵਾ ਕਈ ਹੋਰ ਕਾਰਕੁੰਨ ਹਾਜਰ ਸਨ ।

# 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਦੇਣਾ ਪੰਜਾਬ ਸਰਕਾਰ ਦਾ ਇਤਿਹਾਸਕ ਫ਼ੈਸਲਾ : ਆਪ ਆਗੂ

ਸੰਗਾਲਾ, 24 ਜਨਵਰੀ (ਰਣਜੀਤ ਸਿੰਘ ਪੇਧਨੀ) : ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਲੋਕ



ਭਲਾਈ ਲਈ ਕੀਤੇ ਵਾਅਦਿਆਂ ਅਨੁਸਾਰ ਨਵੀਆਂ ਯੋਜਨਾਵਾਂ ਲਗਾਤਾਰ ਲਾਗੂ ਕੀਤੀਆਂ ਜਾ ਰਹੀਆਂ ਹਨ।ਇਸ ਕੜੀ ਤਹਿਤ ਅੱਜ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਅਧੀਨ ਸੂਬੇ ਦੇ ਲਗਭਗ 3 ਕਰੋੜ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਇਸ ਯੋਜਨਾ ਨੂੰ ਆਮ ਲੋਕਾਂ ਲਈ ਮੈਡੀਕਲ ਦੀ ਵੱਡੀ ਰਾਹਤ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਅੰਮ੍ਰਿਤ ਚਹਿਲ ਘਨੌਰੀ ਮੈਂਬਰ ਜਿਲ੍ਹਾ ਪ੍ਰੀਸ਼ਦ , ਆਪ ਆਗੂ ਰਮਨਦੀਪ ਸਿੰਘ ਜਵੰਧਾ, ਸਰਪੰਚ ਲਾਲੀ ਬੰਗਾਵਾਲੀ , ਆਪ ਆਗੂ ਖਾਨ ਕਹੇਰੂ ਅਤੇ ਆਪ ਆਗੂ ਅਵਤਾਰ ਸਿੰਘ ਭਸੌੜ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗੀ, ਕਿਉਂਕਿ ਪਹਿਲਾਂ ਬਹੁਤ ਸਾਰੇ ਪਰਿਵਾਰ ਆਰਥਿਕ ਤੰਗੀ ਕਾਰਨ ਸਮੇਂ ਸਿਰ ਇਲਾਜ ਨਹੀਂ ਕਰਵਾ ਸਕਦੇ ਸਨ।ਇਲਾਜ ਦੀ ਕਮੀ ਕਾਰਨ ਕਈ ਵਾਰ ਕੀਮਤੀ ਜਾਨਾਂ ਵੀ ਚਲੀ ਜਾਂਦੀਆਂ ਸਨ,ਪਰ ਹੁਣ ਇਸ ਯੋਜਨਾ ਨਾਲ ਕਿਸੇ ਵੀ ਪਰਿਵਾਰ ਨੂੰ ਇਹ ਦੁੱਖ ਨਹੀਂ ਸਹਿਣਾ ਪਵੇਗਾ। ਆਮ ਆਦਮੀ ਪਾਰਟੀ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਲੋਕਾਂ ਦੇ ਅਸਲ ਦਰਦ ਨੂੰ ਸਮਝਿਆ ਹੈ ਅਤੇ ਉਸ ਦਰਦ ਨੂੰ ਦੂਰ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂਕਿਹਾ ਕਿ ਇਸ ਸਿਹਤ ਬੀਮਾ ਯੋਜਨਾ ਦੇ ਲਾਗੂ ਹੋਣ ਨਾਲ ਹੁਣ ਕਿਸੇ ਨੂੰ ਇਲਾਜ ਲਈ ਵੱਡੇ ਕਰਜ਼ੇ ਲੈਣ ਦੀ ਲੋੜ ਨਹੀਂ ਰਹੇਗੀ ਅਤੇ ਨਾ ਹੀ ਕਿਸਾਨਾਂ ਨੂੰ ਆਪਣੇ ਇਲਾਜ ਜਾਂ ਪਰਿਵਾਰਕ ਮੈਂਬਰਾਂ ਦੀ ਸਿਹਤ ਲਈ ਆਪਣੀ ਜ਼ਮੀਨ ਵੇਚਣੀ ਪਵੇਗੀ।

# ਸ਼ਹੀਦ ਸਿੰਘਾਂ ਦੀ ਯਾਦ ਵਿੱਚ ਅਬਦੁੱਲਾਪੁਰ ਚੁਹਾਣੇ ਕਲਾਂ ਵਿਖੇ ਮਹਾਨ ਗੁਰਮਤਿ ਸਮਾਗਮ 28 ਨੂੰ: ਬਾਬਾ ਕੁਲਵਿੰਦਰ ਸਿੰਘ

ਸੰਗਾਲਾ, 24 ਜਨਵਰੀ (ਰਣਜੀਤ ਸਿੰਘ ਪੇਧਨੀ)- ਸ਼ਹੀਦ ਸਿੰਘਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਹੋਇਆਂ ਅਸਥਾਨ ਧੰਨ ਧੰਨ ਬਾਬੇ ਸਿੰਘ ਸਹੀਦ ਪਿੰਡ ਅਬਦੁੱਲਾਪੁਰ ਚੁਹਾਣੇ ਕਲਾਂ (ਮਾਲੇਰਕੋਟਲਾ) ਵਿਖੇ 22 ਜਨਵਰੀ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਸੂਰੂ ਹੋ ਚੁੱਕੇ ਹਨ ਜਿਨ੍ਹਾਂ ਦੇ 28 ਜਨਵਰੀ ਨੂੰ ਭੋਗ ਪੈਣਗੇ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਜੀ ਨੇ ਦੱਸਿਆ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਅਤੇ ਨਗਰ ਨਿਵਾਸੀ ਇਲਾਕੇ ਦੇ ਸਹਿਯੋਗ ਦੇ ਨਾਲ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ । ਰੋਜ਼ਾਨਾਂ ਸਾਮ ਨੂੰ ਨਾਮ ਦੇ ਰਸੀਏ, ਸੰਤ ਮਹਾਪੁਰਸ ਸੰਗਤਾਂ



ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਨਾਲ ਜੋੜਨਾ ਕਰਨਗੇ । ਉਨ੍ਹਾਂ ਕਿਹਾ ਕਿ 28 ਜਨਵਰੀ ਮਾਘ ਦੀ ਦਸਮੀ ਵਾਲੇ ਦਿਨ ਤੀਜੀ ਸਿਫਟ ਦੇ ਸ੍ਰੀ ਅਖੰਡ ਪਾਠ ਸਹਿਬ ਜੀ ਦੇ ਭੋਗ ਸਵੇਰੇ 8.00 ਵਜੇ ਪੈਣਗੇ ।ਭੋਗ ਉਪਰੰਤ ਪੰਜਾਬ ਦੇ ਪ੍ਰਸਿੱਧ ਰਾਗੀ,ਢਾਡੀ, ਸੰਤ ਮਹਾਪੁਰਸ ਆਪਣੇ ਕੀਰਤਨ ਰਾਹੀ ਹਾਜਰੀ ਭਰਨਗੇ । ਉਨ੍ਹਾਂ ਕਿਹਾ ਕਿ ਅੰਮ੍ਰਿਤ ਸੰਚਾਰ ਹੋਵੇਗਾ, ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਫ੍ਰੀ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹੈਡ ਗ੍ਰੰਥੀ ਗਿਆਨੀ ਰਘਵੀਰ ਸਿੰਘ ਜੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ।

## ਸੰਤ ਬਾਬਾ ਗੁਰਬਖਸ਼ ਸਿੰਘ ਜੋਤੀਸਰ ਵਾਲਿਆਂ ਦੀ ਯਾਦ 'ਚ ਆਰੰਭ ਸਮਾਗਮਾਂ ਦੀ ਹੋਈ ਸੰਪੂਰਨਤਾ

# ਸੰਤਾਂ ਮਹਾਂਪੁਰਖਾਂ ਪ੍ਰਚਾਰਕਾਂ ਭਰੀ ਹਾਜਰੀ : ਬਾਬਾ ਸੁੱਖਾ ਸਿੰਘ

**ਜੰਡਿਆਲਾ ਗੁਰੂ, 24 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆ ਜੀ ਤੋਂ ਵਰਸੋਏ ਸ੍ਰੀਮਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਸ਼ਿਮਲੇ ਵਾਲਿਆ ਦੀ ਯਾਦ 'ਚ ਸੰਤ ਬਾਬਾ

### ਖਾਲਸੇ ਪੰਥ ਦੀ ਚੜ੍ਹਦੀ ਕਲ੍ਹਾ ਲਈ ਸਾਨੂੰ ਸਭ ਨੂੰ ਇਕ ਨਿਸ਼ਾਨ ਸਾਹਿਬ ਥੱਲੇ ਇਕੱਠੇ ਹੋਣਾ ਚਾਹੀਦਾ-ਬਾਬਾ ਸਤਨਾਮ ਸਿੰਘ ਵੱਲੀਆਂ ਇੰਟਰਨੈਸ਼ਨਲ ਪੰਥਕ ਦਲ

ਸੁੱਖਾ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਸ਼ਿਮਲਾ ਹਿਮਾਚਲ ਪ੍ਰਦੇਸ਼ ਵਾਲਿਆਂ ਵੱਲੋਂ ਦੇਸ ਵਿਦੇਸ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ 67ਵਾਂ ਪੰਜ ਰੋਜਾ ਗੁਰਮਤਿ ਸਮਾਗਮ ਕਰਵਾਇਆ ਗਿਆ ! ਸਮਾਗਮ ਨੂੰ ਸਮਰਪਿਤ 20 ਜਨਵਰੀ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਅੱਜ 24 ਜਨਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਸੁੰਦਰ ਖੁੱਲੇ ਪੰਡਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕੀਰਤਨ ਦਰਬਾਰ ਸਜਾਏ ਗਏ ਅਤੇ ਸਮਾਗਮਾਂ ਦੀ ਸੰਪੂਰਨਤਾ ਹੋਈ ! ਇਨਾਂ ਸਮਾਗਮਾਂ ਚ ਵੱਖ-ਵੱਖ ਗੁਰੂ ਘਰ ਦੇ ਰਾਗੀ ਸਿੰਘ ਜਥਿਆਂ ਪ੍ਰਚਾਰਕਾਂ ਕਵਿਸਰੀ ਜਥਿਆਂ ਵੱਲੋਂ ਗੁਰ ਇਤਿਹਾਸ ਸੁਣਾ ਕਿ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ ਅਤੇ ਸ੍ਰ ਜਸਵੰਤ ਸਿੰਘ ਵੱਲੋਂ ਸਟੇਜ ਸੈਕਟਰੀ ਦੀ ਸੇਵਾ ਨਿਭਾਈ ਗਈ ਵਿਸੇਸ ਤੌਰ ਤੇ ਇੰਟਰਨੈਸ਼ਨਲ ਪੰਥਕ ਦਲ ਦੇ ਧਾਰਮਿਕ ਵਿੰਗ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ, ਨੇ ਹਾਜ਼ਰੀ ਭਰੀ ਇਸ ਮੌਕੇ ਗੱਲਬਾਤ ਦੌਰਾਨ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੇ ਗੁਰਪੁਰਬਾਂ ਅਤੇ ਸੰਤਾਂ ਮਹਾਂਪੁਰਖਾਂ ਦੀਆਂ ਸਲਾਨਾ ਸ਼ਤਾਬਦੀ ਮੌਕੇ ਸਾਨੂੰ ਪੰਥ ਦੀ ਚੜ੍ਹਦੀ ਕਲ੍ਹਾ ਲਈ ਇਕੱਠੇ ਹੋ ਕਿ ਗੁਰੂ ਸਾਹਿਬ ਜੀ ਦੇ ਹੁਕਮ ਨੂੰ ਸਮਰਪਿਤ ਹੋ ਕਿ ਮੀਰੀ ਪੀਰੀ ਦੇ ਸਿਧਾਂਤ ਨੂੰ ਅਪਣਾਉਣਾ ਚਾਹੀਦਾ



ਸਭ ਨੂੰ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਹਾਜਰੀਆਂ ਭਰਨੀਆਂ ਚਾਹੀਦੀਆਂ ਹਨ ਅਤੇ ਗੁਰੂ ਸਾਹਿਬ ਜੀ ਦੀ ਕਿਰਪਾ ਦੇ ਪਾਤਰ ਬਣਨਾ ਚਾਹੀਦਾ ਹੈ ਅਤੇ ਸਾਨੂੰ ਸਭ ਗੁਰਸਿੱਖਾਂ ਨੂੰ ਇਕ ਨਿਸ਼ਾਨ ਸਾਹਿਬ ਥੱਲੇ ਹੈ ! ਇਸ ਮੌਕੇ ਵਿਸੇਸ ਤੌਰ ਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਤੇ ਵਾਰਿਸ ਪੰਜਾਬ ਜਥੇਬੰਦੀ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਹਾਜ਼ਰੀ ਭਰੀ ਗੱਲਬਾਤ ਦੌਰਾਨ ਉਨਾਂ ਕਿਹਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਵੱਲੋਂ ਕੀਤੀ ਗਈ ਭਗਤੀ ਦੀ ਫੁਲਵਾੜੀ ਦੀ ਮਹਿਕ ਅੱਜ ਇਸ ਸਮਾਗਮ ਵਿੱਚ ਹਾਜ਼ਰੀ ਭਰਨ ਮੌਕੇ ਮਿਲੀ ਕਿ ਸੰਤਾਂ ਦੀ ਯਾਦ ਵਿੱਚ ਦੂਰ ਦਰਾਡੇ ਤੋਂ ਪਹੁੰਚੀ ਸੰਗਤ ਵੱਲੋਂ ਹਾਜਰੀਆਂ ਭਰ ਕਿ ਅਰਦਾਸਾਂ ਕਰਵਾਈਆਂ ਜਾ ਰਹੀਆਂ ਸਨ ਇਸੇ ਲਈ ਮਹਾਂਪੁਰਖਾਂ ਦੀ ਕੀਤੀ ਗਈ ਸੰਗਤ, ਭਗਤੀ ਦੇ ਰੰਗ ਵਿੱਚ ਰੰਗੀ ਹੋਈ ਨਜਰ ਆਈ ਤੇ ਠੰਡ ਵਿਚ ਵੀ ਸੰਗਤ ਏਕਾਗਰ ਮਨ ਨਾਲ ਬੈਠੀ ਰਹੀ ਅਤੇ ਨੌਜਵਾਨਾਂ ਨੂੰ ਅਪੀਲ ਕਰਦੇ ਹਾਂ ਕਿ ਬਾਣੀ ਬਾਣੇ ਦੇ ਧਾਰਨ ਹੋ ਕਿ ਗੁਰੂ ਵਾਲੇ ਬਣ ਕਿ ਆਪਣੇ ਜੀਵਨ ਨੂੰ ਗੁਰਬਾਣੀ ਦੇ ਰੰਗ ਵਿੱਚ ਰੰਗੀਏ ! ਇਨਾਂ ਸਮਾਗਮਾਂ ਚ ਤਰਲੋਕ ਸਿੰਘ ਬਿੱਟਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੇ ਦਸਮੇਸ਼ ਤਰਨਾ ਦਲ ਦੇ ਮੁੱਖੀ ਜਥੇਦਾਰ ਸਿੰਘ ਸਾਹਿਬ ਬਾਬਾ ਮੇਜਰ ਸਿੰਘ ਸੋਢੀ ਵੱਲੋਂ ਜਥੇ ਸਮੇਤ ਹਾਜਰੀਆਂ ਭਰੀਆਂ , ਸੰਤ ਬਾਬਾ ਪ੍ਰਮਾਨੰਦ ਜੀ (ਮੁੱਖ ਸੰਚਾਲਕ) ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਜੀ,ਸੰਤ ਬਾਬਾ ਸੱਜਣ ਸਿੰਘ ਜੀ,ਸੰਤ ਬਾਬਾ ਜੋਗਿੰਦਰ ਸਿੰਘ ਜੀ ਕਾਰ ਸੇਵਾ ਆਨੰਦਪੁਰ ਸਾਹਿਬ ਵਾਲੇ,ਜਥੇ: ਬਾਬਾ ਜਗੀਰ ਸਿੰਘ ਜੀ ਭੰਬੋਈ ਵਾਲੇ,ਸੰਤ ਬਾਬਾ ਗੁਰਦੇਵ ਸਿੰਘ ਜੀ ਡੇਰਾ ਭਗਤਾਂ ਤਰਸਿੱਕੇ ਵਾਲੇ,ਸੰਤ ਬਾਬਾ ਗੁਰਦੀਪ ਸਿੰਘ ਜੀ,ਟਾਹਲਾ ਸਾਹਿਬ ਤਰਸਿਕੇ ਵਾਲੇ ,ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਜੀ (ਪ੍ਰਚਾਰਕ ਸ੍ਰੀ ਹਰਮੰਦਿਰ ਸਾਹਿਬ S.G.PC ਸ੍ਰੀ ਅੰਮ੍ਰਿਤਸਰ ਸਾਹਿਬ),,ਸੰਤ ਬਾਬਾ ਸੁਖਵੰਤ ਸਿੰਘ ਜੀ ਚੰਨਣਕੇ ਸਮਾਜ ਸੇਵੀ,ਜਥੇ: ਬਾਬਾ ਸਵਿੰਦਰ ਸਿੰਘ ਜੀ ਟਾਹਲੀ ਸਾਹਿਬ ਵਾਲੇ,ਸੰਤ ਬਾਬਾ ਗੁਰਦੀਪ ਸਿੰਘ ਜੀ ਖਜਾਲੇ ਵਾਲੇ,ਅਤੇ ਭਾਈ ਸੁਖਮੀਤ ਸਿੰਘ ਜੀ ਕਵੀਸ਼ਰੀ ਜੱਥਾ (ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ),ਗਿਆਨੀ ਫਤਿਹ ਸਿੰਘ ਜੀ ਕਥਾ ਵਾਚਕ (ਡੇਅਰੀਵਾਲ), ਭਾਈ ਪ੍ਰਗਟ ਸਿੰਘ ਜੀ ਹਜ਼ੂਰੀ ਰਾਗੀ (ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਾਲਿਆਂ ਨੇ ਹਾਜਰੀਆਂ ਭਰੀਆਂ । ਆਈਆਂ ਸੰਗਤਾਂ ਨੂੰ ਵੱਖ ਵੱਖ ਤਰ੍ਹਾਂ ਦੇ ਪਕੌੜਿਆਂ ਦੇ ਲੰਗਰ ਅਤੇ ਵੱਖ-ਵੱਖ ਤਰ੍ਹਾਂ ਦੇ ਪਦਾਰਥਾਂ ਦੇ ਅਤੁੱਟ ਲੰਗਰ ਛਕਾਏ ਗਏ ! ਅਤੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਆਏ ਸਮੂਹ ਰਾਗੀ ਸਿੰਘਾਂ, ਪ੍ਰਚਾਰਕਾਂ, ਮਹਾਂਪੁਰਖਾਂ,ਸਮਾਜ ਸੇਵਕ, ਪੱਤਰਕਾਰ ਭਾਈਚਾਰੇ ਆਦਿ ਸੇਵਾਦਾਰਾਂ ਨੂੰ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਅਤੇ ਆਈਆਂ ਸਮੂਹ ਸੰਗਤਾਂ ਨੂੰ ਜੀ ਆਇਆ ਆਖਿਆ ਤੇ ਧੰਨਵਾਦ ਕੀਤਾ !

## ਸਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਪਟੀਸ਼ਨ 'ਤੇ ਦਿੱਲੀ ਹਾਈ ਕੋਰਟ ਸਖ਼ਤ

# 21 ਫਰਵਰੀ 2026 ਤੱਕ ਫੈਸਲਾ ਸੁਣਾਉਣ ਦੇ ਹੁਕਮ



**ਨਵੀਂ ਦਿੱਲੀ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੀ ਮੰਡੋਲੀ ਜੇਲ੍ਹ ਵਿੱਚ ਕੈਦ ਕੱਟ ਰਹੇ ਬੱਬਰ ਖਾਲਸਾ ਇੰਟਰਨੈਸ਼ਨਲ (BKI) ਨਾਲ ਸੰਬੰਧਿਤ ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਜੂਨ 2025 ਵਿੱਚ ਦਾਇਰ ਕੀਤੀ ਗਈ ਪੈਰੋਲ ਅਰਜ਼ੀ 'ਤੇ ਦਿੱਲੀ ਹਾਈ ਕੋਰਟ ਨੇ ਅਹੰਕਾਰਪੂਰਕ ਅਤੇ ਸਖ਼ਤ ਰੁਖ ਅਪਣਾਉਂਦਿਆਂ ਸੰਬੰਧਿਤ ਅਥਾਰਟੀ ਨੂੰ 21 ਫਰਵਰੀ 2026 ਤੱਕ ਆਪਣਾ ਅੰਤਿਮ ਫੈਸਲਾ ਤੈਅ ਕਰਕੇ ਜਗਤਾਰ ਸਿੰਘ ਹਵਾਰਾ ਅਤੇ ਉਸਦੇ ਵਕੀਲਾਂ ਨੂੰ ਸੂਚਿਤ ਕਰਨ ਦੇ ਨਿਰਦੇਸ਼ ਜਾਰੀ ਕੀਤੇ ਹਨ।

**6 ਮਹੀਨਿਆਂ ਤੋਂ ਪੈਂਡਿੰਗ ਪੈਰੋਲ ਅਰਜ਼ੀ :** ਜ਼ਿਕਰਯੋਗ ਹੈ ਕਿ ਹਵਾਰਾ ਦੀ ਪੈਰੋਲ ਅਰਜ਼ੀ ਪਿਛਲੇ ਲਗਭਗ ਛੇ ਮਹੀਨਿਆਂ ਤੋਂ ਬਿਨਾਂ ਕਿਸੇ ਫੈਸਲੇ ਦੇ ਪੈਂਡਿੰਗ ਪਈ ਹੋਈ ਹੈ। ਇਸ ਦੇਰ 'ਤੇ ਅਦਾਲਤ ਨੇ ਨਾਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਕੈਦੀਆਂ ਦੀ ਪੈਰੋਲ ਅਰਜ਼ੀ ਨੂੰ ਅਣਮਿਆਦੀ ਤੌਰ 'ਤੇ ਲਟਕਾਇਆ ਨਹੀਂ ਜਾ ਸਕਦਾ।

**ਅਧਿਕਾਰ ਖੇਤਰ 'ਤੇ ਟਕਰਾਅ :** ਸੁਣਵਾਈ ਦੌਰਾਨ ਮੰਡੋਲੀ ਜੇਲ੍ਹ ਦੇ ਸੁਪਰਡੈਂਟ ਨੇ ਦਿੱਲੀ ਹਾਈ ਕੋਰਟ ਸਾਹਮਣੇ ਦਲੀਲ ਦਿੱਤੀ ਕਿ ਜਗਤਾਰ ਸਿੰਘ ਹਵਾਰਾ ਨੂੰ ਸਜ਼ਾ ਚੰਡੀਗੜ੍ਹ ਦੀ ਅਦਾਲਤ ਵੱਲੋਂ ਸੁਣਾਈ ਗਈ ਸੀ, ਇਸ ਲਈ ਉਸਦੀ ਪੈਰੋਲ ਦੇਣ ਜਾਂ ਨਾ ਦੇਣ ਦਾ ਅਧਿਕਾਰ ਚੰਡੀਗੜ੍ਹ ਪ੍ਰਸ਼ਾਸਨ ਦੇ ਅਧੀਨ ਆਉਂਦਾ ਹੈ, ਨਾ ਕਿ ਦਿੱਲੀ ਸਰਕਾਰ ਦੇ।

**ਹਵਾਰਾ ਦੇ ਵਕੀਲਾਂ ਵੱਲੋਂ ਤਿੱਖਾ ਵਿਰੋਧ :** ਮੰਡੋਲੀ ਜੇਲ੍ਹ ਪ੍ਰਸ਼ਾਸਨ ਦੀ ਇਸ ਤਕਰੀਰ ਨੂੰ ਹਵਾਰਾ ਦੇ ਵਕੀਲਾਂ ਨੇ ਅਦਾਲਤ ਵਿੱਚ ਸਖ਼ਤੀ ਨਾਲ ਚੁਣੌਤੀ ਦਿੱਤੀ। ਹਵਾਰਾ ਦੀ ਪੱਖੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਮਨਿੰਦਰ ਸਿੰਘ ਦੇ ਨਾਲ ਐਡਵੋਕੇਟ ਏਕਤਾ ਵਤਸ ਅਤੇ ਜਾਨ੍ਹਵੀ ਨਾਰੰਗ ਨੇ ਦਲੀਲ ਦਿੱਤੀ ਕਿ ਜਦੋਂ ਕੈਦੀ ਦਿੱਲੀ ਦੀ ਜੇਲ੍ਹ ਵਿੱਚ ਬੰਦ ਹੈ ਤਾਂ ਪੈਰੋਲ ਸਬੰਧੀ ਕਾਰਵਾਈ ਨੂੰ ਲੰਬੇ ਸਮੇਂ ਤੱਕ ਅਧਿਕਾਰ ਖੇਤਰ ਦੇ ਬਹਾਨੇ ਹੇਠ ਲਟਕਾਇਆ ਨਹੀਂ ਜਾ ਸਕਦਾ। ਵਕੀਲਾਂ ਨੇ ਅਦਾਲਤ ਨੂੰ ਦੱਸਿਆ ਕਿ ਪੈਰੋਲ ਕੈਦੀ ਦਾ ਕਾਨੂੰਨੀ ਹੱਕ ਹੈ ਅਤੇ ਇਸ 'ਤੇ ਫੈਸਲਾ ਕਰਨ ਵਿੱਚ ਬੇਜਾ ਦੇਰੀ ਕਰਨਾ ਨਿਆਂ ਦੇ ਸਿਧਾਂਤਾਂ ਦੇ ਖ਼ਿਲਾਫ਼ ਹੈ।

**4 ਹਫਤਿਆਂ ਦੀ ਮਿਆਦ, ਪਰ ਅਸਪਸ਼ਟਤਾ ਕਾਇਮ :** ਦਿੱਲੀ ਹਾਈ ਕੋਰਟ ਨੇ ਮਾਮਲੇ ਵਿੱਚ 4 ਹਫਤਿਆਂ ਦਾ ਸਮਾਂ ਤਾਂ ਮੁਹੱਈਆ ਕਰਵਾ ਦਿੱਤਾ ਹੈ, ਪਰ ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਕਿ ਇਹ ਮਿਆਦ ਦਿੱਲੀ ਦੀ ਮੰਡੋਲੀ ਜੇਲ੍ਹ ਅਤੇ ਦਿੱਲੀ ਸਰਕਾਰ ਲਈ ਹੈ ਜਾਂ ਫਿਰ ਚੰਡੀਗੜ੍ਹ ਪ੍ਰਸ਼ਾਸਨ ਨੂੰ ਆਪਣਾ ਫੈਸਲਾ ਦੇਣ ਲਈ ਦਿੱਤੀ ਗਈ ਹੈ। ਇਸ ਅਸਪਸ਼ਟਤਾ ਕਾਰਨ ਕਾਨੂੰਨੀ ਅਤੇ ਪੰਥਕ ਹਲਕਿਆਂ ਵਿੱਚ ਹੋਰ ਚਰਚਾ ਛਿੜ ਗਈ ਹੈ।

**ਰਾਜਨੀਤਿਕ ਸੰਧਰਭ ਵੀ ਚਰਚਾ ਵਿੱਚ :** ਇਸ ਸਾਰੇ ਮਾਮਲੇ ਤੋਂ ਬਿਲਕੁਲ ਅਲੱਗ ਪਰ ਚਰਚਿਤ ਸੰਧਰਭ ਵਿੱਚ, ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਦੇ ਮੋਗਾ ਸ਼ਹਿਰ ਵਿੱਚ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਅਤੇ ਚਰਚਾਵਾਂ ਵੀ ਤੇਜ਼ ਹੋ ਚੁੱਕੀਆਂ ਹਨ। ਧਿਆਨਯੋਗ ਗੱਲ ਇਹ ਹੈ ਕਿ ਇਸ ਰੈਲੀ ਦੀ ਤਾਰੀਖ 22 ਫਰਵਰੀ 2026 ਦੱਸੀ ਜਾ ਰਹੀ ਹੈ, ਜੋ ਕਿ ਦਿੱਲੀ ਹਾਈ ਕੋਰਟ ਵੱਲੋਂ ਨਿਰਧਾਰਤ 21 ਫਰਵਰੀ 2026 ਦੀ ਡੈੱਡਲਾਈਨ ਤੋਂ ਸਿਰਫ਼ ਇੱਕ ਦਿਨ ਬਾਅਦ ਦੀ ਹੈ।

**ਪੰਥਕ ਅਤੇ ਕਾਨੂੰਨੀ ਹਲਕਿਆਂ ਦੀ ਨਜ਼ਰ ਫੈਸਲੇ 'ਤੇ :** ਇਸ ਸੰਯੋਗ ਨੂੰ ਲੈ ਕੇ ਪੰਥਕ, ਕਾਨੂੰਨੀ ਅਤੇ ਰਾਜਨੀਤਿਕ ਹਲਕਿਆਂ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਵਿਆਖਿਆਵਾਂ ਕੀਤੀਆਂ ਜਾ ਰਹੀਆਂ ਹਨ। ਫਿਲਹਾਲ, ਸਾਰਿਆਂ ਦੀ ਨਜ਼ਰ ਸੰਬੰਧਿਤ ਅਥਾਰਟੀ ਵੱਲੋਂ ਆਉਣ ਵਾਲੇ ਅੰਤਿਮ ਫੈਸਲੇ 'ਤੇ ਟਿਕੀ ਹੋਈ ਹੈ, ਜੋ ਕਿ ਇਹ ਤੈਅ ਕਰੇਗਾ ਕਿ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਮਿਲੇਗੀ ਜਾਂ ਨਹੀਂ।

# ਬੈਲਜੀਅਮ ਦੇ ਗੁਰੂਦੁਆਰਾ ਸਿੰਤਰੁਦਨ ਦੇ ਪ੍ਰਬੰਧ ਲਈ ਸਰਬਸੰਮਤੀ ਨਾਲ ਬਣੀ ਪੰਜ ਮੈਂਬਰੀ ਕਮੇਟੀ



**ਨਵੀਂ ਦਿੱਲੀ, 24 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਬੈਲਜੀਅਮ ਦੇ ਗੁਰੂਦੁਆਰਾ ਸੰਗਤ ਸਾਹਿਬ ਸਿੰਤਰੁਦਨ ਦੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੀ ਨਵੀਂ ਕਮੇਟੀ ਲਈ ਸਰਬਸੰਮਤੀ ਨਾਲ ਸੰਗਤਾਂ ਦੀ ਹਾਜ਼ਰੀ ਵਿਚ ਚੋਣ ਕੀਤੀ ਕੀਤੀ ਗਈ । ਸਰਬਸੰਮਤੀ ਨਾਲ ਚੁੰਨੀ ਗਈ ਨਵੀਂ ਕਮੇਟੀ ਪੰਜਪ੍ਰਧਾਨੀ ਮਰਿਆਦਾ ਨੂੰ ਸਮਰਪਿਤ ਕਰਦਿਆਂ ਪੰਜ ਸਿੰਘਾਂ ਦੀ ਚੋਣ ਕੀਤੀ ਗਈ ਜੋ ਕਿ ਆਪਸੀ ਸਹਿਮਤੀ ਨਾਲ ਗੁਰਦੁਆਰਾ ਸਾਹਿਬ ਦੇ ਕੰਮਕਾਜ ਦੀ ਦੇਖਭਾਲ ਕਰਣਗੇ । ਗੁਰਦੁਆਰਾ ਸਾਹਿਬ ਦੀ ਸਟੇਜ ਤੋਂ ਭਾਈ ਸੁਰਜੀਤ ਸਿੰਘ ਖਹਿਰਾ, ਭਾਈ ਉਂਕਾਰ ਸਿੰਘ ਨਿੱਜਰ, ਭਾਈ ਜਸਵੀਰ ਸਿੰਘ ਕੰਗ, ਭਾਈ ਗੁਰਨਾਮ ਸਿੰਘ ਜਖਮੀ, ਭਾਈ ਬਲਜਿੰਦਰ ਸਿੰਘ ਦੇ ਨਾਮ ਨਵੀਂ ਪ੍ਰਬੰਧਕੀ ਕਮੇਟੀ ਵਜੋਂ ਸੰਗਤ ਅੱਗੇ ਪੇਸ਼ ਕੀਤੇ ਗਏ ਜਿਸ ਨੂੰ ਸੰਗਤਾਂ ਵਲੋਂ ਜੈਕਾਰੇ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ ਗਈ । ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਨਮੁੱਖ ਗ੍ਰੰਥੀ ਸਿੰਘ ਵੱਲੋਂ ਅਰਦਾਸ ਬੇਨਤੀ ਕਰ ਕੇ ਸਤਿਗੁਰ ਜੀ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਚੁਣੇ ਗਏ ਪੰਜਾਂ ਸਿੰਘਾਂ ਨੂੰ ਸਿਰਪਾਓ ਭੇਟ ਕੀਤੇ ਗਏ । ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਹਜੂਰੀ ਵਿਚ ਹਾਜਿਰ ਸੰਗਤ ਨੇ ਨਵੀਂ ਚੁਣੀ ਗਈ ਪ੍ਰਬੰਧਕ ਕਮੇਟੀ ਨੂੰ ਪੂਰਨ ਸਹਿਯੋਗ ਦੇਣ ਲਈ ਵਚਨਬਧਤਾ ਪ੍ਰਗਟਾਈ ਅਤੇ ਚੁਣੇ ਗਏ ਨਵੇਂ ਮੈਂਬਰਾਂ ਵਲੋਂ ਸਮੂਹ ਸੰਗਤ ਅਤੇ ਸਤਿਗੁਰੂ ਜੀ ਦਾ ਸ਼ੁਕਰਾਨਾ ਅਦਾ ਕੀਤਾ ਗਿਆ।

# ਇੰਟਰਨੈਸ਼ਨਲ ਫੁੱਟਬਾਲ ਦੇ ਖਿਡਾਰੀ ਹੀਰਾ ਸਿੰਘ ਚੰਨਣਕੇ (ਅਸਟ੍ਰੇਲੀਆ) ਨੂੰ ਸਦਮਾ ਮਾਤਾ ਦਾ ਹੋਇਆ ਦਿਹਾਂਤ

**ਚੌਕ ਮਹਿਤਾ, 24 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬਾਬਾ ਚੰਨਣ ਜੀ ਚੰਨਣਕੇ ਦੇ ਪ੍ਰਬੰਧਕ ਕਮੇਟੀ ਦੇ ਮੁੱਖ ਮੈਂਬਰ ਸੂਬੇਦਾਰ ਸਾਧਾ ਸਿੰਘ ਰੰਧਾਵਾ ਦੀ ਧਰਮ ਪਤਨੀ ਅਤੇ ਇੰਟਰਨੈਸਨਲ ਫੁੱਟਬਾਲ ਦੇ ਖਿਡਾਰੀ ਹੀਰਾ ਸਿੰਘ ਰੰਧਾਵਾ ਚੰਨਣਕੇ (ਅਸਟ੍ਰੇਲੀਆ) ਦੇ ਸਤਿਕਾਰ ਯੋਗ ਮਾਤਾ ਬਲਬੀਰ ਕੌਰ ਉਮਰ ਤਕਰੀਬਨ 80 ਸਾਲ ਦਾ ਸੰਖੇਪ ਬਿਮਾਰੀ ਦੇ ਕਾਰਨ ਅਚਾਨਕ ਦੇਹਾਂਤ ਹੋ ਗਿਆ ਹੈ। ਸਰਦਾਰਨੀ ਬਲਬੀਰ ਕੌਰ ਰੰਧਾਵਾ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਚੰਨਣਕੇ ਦੇ ਸ਼ਮਸ਼ਾਨਘਾਟ ਵਿਚ ਬਹੁਤ ਗਿਣਤੀ ਵਿੱਚ ਰਿਸ਼ਤੇਦਾਰਾ, ਧਾਰਮਿਕ, ਰਾਜਨੀਤਕ ਸਮਾਜ ਸੇਵੀ ਅਤੇ ਇਲਾਕੇ ਦੀਆਂ ਸੰਗਤਾਂ ਦੀ ਵਿੱਚ ਕੀਤਾ ਗਿਆ। ਸਰਦਾਰਨੀ ਬਲਬੀਰ ਕੌਰ ਦੇ ਨਮਿੱਤ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ,31 ਜਨਵਰੀ 2026 ਦਿਨ ਸ਼ਨੀਵਾਰ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਜਾਣਗੇ।



# ਸ੍ਰੀ ਹਜ਼ੂਰ ਸਾਹਿਬ ਵਿਖੇ ਆਲੌਕਿਕ ਨਗਰ ਕੀਰਤਨ ਨਾਲ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਹੋਈ ਆਰੰਭਤਾ

## ਨਾਂਦੇੜ ਦੇ ਮੋਦੀ ਮੈਦਾਨ 'ਚ 'ਕੇਸਰੀ' ਰੰਗ ਨਾਲ ਸਜੇ ਅਦਭੁੱਤ ਤੇ ਅਥਾਹ ਸੁੰਦਰ ਪੰਡਾਲ ਅੰਦਰ ਉਮੜਿਆ ਸੰਗਤਾਂ ਦਾ ਜਨ-ਸੈਲਾਬ

### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਅਮੁੱਲੀ ਸ਼ਹਾਦਤ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਨਾਂਹ ਦੇ ਬਰਾਬਰ-ਸੰਤ ਗਿ.ਹਰਨਾਮ ਸਿੰਘ ਖਾਲਸਾ








**ਚੌਕ ਮਹਿਤਾ, 24 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )-** ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਮਨਾਏ ਜਾ ਰਹੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮੁੱਖ ਮੰਤਰੀ ਮਹਾਂਰਾਸ਼ਟਰ ਸ੍ਰੀ ਦੇਵੇਂਦਰ ਫੜਨਵੀਸ ਦੇ ਸਹਿਯੋਗ ਨਾਲ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਦੀ ਅਗਵਾਈ ਹੇਠ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਕਰਾਏ ਜਾ ਰਹੇ ਦੋ ਦਿਨਾਂ ਸ਼ਹੀਦੀ ਸਮਾਗਮਾਂ ਦੀ ਆਰੰਭਤਾ ਅੱਜ ਗੁਰੁਦਆਰਾ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਤੋਂ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਤੇ ਪੰਜ ਪਿਆਰੇ ਸਾਹਿਬਾਨ ਦੀ ਰਹਿਨੁਮਾਈ ਹੇਠ ਪੂਰੇ ਜਾਹੋ ਜਲਾਲ ਨਾਲ ਆਲੌਕਿਕ ਨਗਰ ਕੀਰਤਨ ਸਜਾ ਕੇ ਕੀਤੀ ਗਈ।

ਖੂਬਸੂਰਤ ਫੁੱਲਾਂ ਨਾਲ ਸ਼ਿੰਗਾਰੀ ਗੁਰੂ ਸਾਹਿਬ ਦੀ ਪਾਲਕੀ ਪਿੱਛੇ ਨਾਮ ਸਿਮਰਨ ਕਰ ਰਹੀਆਂ ਸੰਗਤਾਂ ਦੇ ਵੱਡੇ ਕਾਫਲੇ ਰੂਪੀ ਇਸ ਨਗਰ ਕੀਰਤਨ ਦੀ ਮੋਦੀ ਗਰਾਓਂਡ ਵਾਘਾਲਾ (ਨਾਂਦੇੜ) ਵਿਖੇ ਸਮਾਪਤੀ ਕਰਦੇ ਹੋਏ ਖੁੱਲ੍ਹੇ ਮੈਦਾਨ 'ਚ ਖਾਲਸਾਈ ਰੰਗ 'ਕੇਸਰੀ' ਨਾਲ ਸਜੇ ਅਦਭੁੱਤ ਤੇ ਅਥਾਹ ਸੁੰਦਰ ਪੰਡਾਲ ਅੰਦਰ ਪੂਰੇ ਆਦਰ ਸਤਿਕਾਰ ਸਾਹਿਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਉਨ੍ਹਾਂ ਦੇ 'ਆਸਣ' 'ਤੇ ਸੌਸ਼ਿਭਤ ਕੀਤਾ ਗਿਆ ਤੇ ਅਰਦਾਸ ਬੇਨਤੀ ਕੀਤੇ ਜਾਣ ਉਪਰੰਤ ਅੱਜ ਦੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ,ਜਿਸ ਦੌਰਾਨ ਪੰਡਾਲ 'ਚ ਲੱਖਾਂ ਦੀ ਗਿਣਤੀ 'ਚ ਜੁੜ ਬੈਠੀ ਸੰਗਤ ਨੂੰ ਪੰਥ ਪ੍ਰਸਿੱਧ ਕੀਰਤਨੀਏ ਤੇ ਹਜ਼ੂਰੀ ਰਾਗੀ ਜਥਿਆਂ ਦੀ ਮਧੁਰ ਤੇ ਰਸਭਿੰਨੀ ਆਵਾਜ਼ 'ਚ ਰੂਹਾਨੀ ਤੇ ਇਲਾਹੀ ਬਾਣੀ ਦੇ ਕੀਰਤਨ ਦਾ ਆਨੰਦ ਮਾਣਿਆ।

ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਨਤਮਸਕ ਹੋਣ ਤੋਂ ਬਾਅਦ ਅੱਜ ਦੇ ਸ਼ਹੀਦੀ ਸਮਾਗਮ 'ਚ ਸ਼ਾਮਿਲ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਸੰਬੋਧਨ 'ਚ ਨਾਂਦੇੜ ਵਿਖੇ ਵਿਸ਼ਾਲ ਪੱਧਰ 'ਤੇ ਮਨਾਏ ਜਾ ਰਹੇ ਸ਼ਤਾਬਦੀ ਸਮਾਗਮ ਦੀ ਜ਼ੋਰਦਾਰ ਪ੍ਰਸ਼ੰਸਾ ਕਰਦਿਆ ਕਿਹਾ ਕਿ ਜੇਕਰ ਸਾਡੇ ਗੁਰੂਆਂ ਦੀਆਂ ਕੁਰਬਾਨੀਆਂ ਲਾ-ਮਿਸਾਲ ਹਨ ਤਾਂ ਉਨ੍ਹਾਂ ਦੀਆਂ ਸ਼ਤਾਬਦੀਆਂ ਮਨਾਉਣ ਦਾ ਤਰੀਕਾ ਵੀ ਬੇਮਿਸਾਲ ਹੋਣਾ ਚਾਹੀਦਾ ਹੈ ਉਨ੍ਹਾਂ ਨੇ ਇਸ ਮਹਾਨ ਤੇ ਇਤਿਹਾਸਕ ਉਪਰਾਲੇ ਲਈ ਮਹਾਂਰਾਸ਼ਟਰ ਸਰਕਾਰ,ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਤੇ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਦੀ ਸਰਾਹਨਾ ਕੀਤੀ ,ਜਿੰਨ੍ਹਾਂ ਦੀ ਬਦੌਲਤ ਸਭ ਧਰਮ ਤੇ ਸਮਾਜ ਇਕ ਮੰਚ 'ਤੇ ਇਕੱਤਰ ਹੋ ਕੇ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਮਨਾ ਰਹੇ ਹਨ ।ਇਸਦੇ ਨਾਲ ਹੀ ਮੁੱਖ ਮੰਤਰੀ ਮਹਾਂਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ ,ਸੰਤ ਬਾਬਾ ਬਲਵਿੰਦਰ ਸਿੰਘ ਗੁਰਦਆਰਾ ਲੰਗਰ ਸਾਹਿਬ, ਸੰਤ ਬਾਬੂ ਸਿੰਘ ਮਹਾਰਾਜ ਔਰਾ ਦੇਵੀ ਮਹੰਤ ਬਣਜਾਰਾ ਸਮਾਜ,ਮਹੰਤ ਰਘੂਮੁਨੀ ਮਹਾਰਾਜ ਉਦਾਸੀਨ ਅਖਾੜਾ ਆਦਿ ਵੱਖ ਵੱਖ ਸ਼ਖਸ਼ੀਅਤਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆ ਦਮਦਮੀ ਟਕਸਾਲ ਤੇ ਤਖਤ ਸੀ ਹਜ਼ੂਰ ਸਾਹਿਬ ਦੇ ਵੱਡੇ ਉਪਰਾਲੇ ਸਦਕਾ ਮਹਾਂਰਾਸ਼ਟਰ ਸਰਕਾਰ ਵੱਲੋਂ 350 ਸਾਲਾ ਸ਼ਤਾਬਦੀ ਮੌਕੇ ਕਰਾਏ ਜਾ ਰਹੇ ਇੰਨ੍ਹਾਂ ਇਤਿਹਾਸਕ ਸਮਾਗਮਾਂ ਦੀ ਸ਼ਲਾਘਾ ਕੀਤੀ ਗਈ।

**ਸਾਡੇ ਗੁਰੂਆਂ ਦੀ ਸ਼ਹੀਦੀਆਂ ਲਾ-ਮਿਸਾਲ ਹਨ ਤੇ ਉਨ੍ਹਾਂ ਦੀਆਂ ਸ਼ਤਾਬਦੀਆਂ ਮਨਾਉਣ ਦਾ ਢੰਗ ਵੀ ਬੇਮਿਸਾਲ ਹੋਣਾ ਚਾਹੀਦਾ ਹੈ-ਮੁੱਖ ਮੰਤਰੀ ਮਾਨ**

ਸਮਾਗਮ ਦੌਰਾਨ ਗੁਰੂ ਸਾਹਿਬ ਨਾਲ ਸ਼ਹੀਦ ਹੋਏ ਸਿੰਘ ਭਾਈ ਮਤੀ ਦਾਸ ਜੀ,ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਵੀ ਨਮਨ ਕੀਤਾ ਗਿਆ।

ਇਸ ਮੌਕੇ ਸ਼ਤਾਬਦੀ ਸਮਾਗਮਾਂ ਲਈ ਵਿਸ਼ੇਸ਼ ਤੌਰ 'ਤੇ ਗਠਿਤ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਨੇ ਸਮਾਗਮ 'ਚ ਪੁੱਜੀਆਂ ਸਮੁੱਚੀਆਂ ਧਾਰਮਿਕ,ਰਾਜਨੀਤਿਕ ਤੇ ਸਮਾਜਿਕ ਸ਼ਖਸ਼ੀਅਤਾਂ ਸਮੇਤ ਸਮੂਹ ਨਾਮ ਲੇਵਾ ਸੰਗਤਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਕੱਟੜਵਾਦੀ ਕਦਰਾਂ-ਕੀਮਤਾਂ ਨੂੰ ਨਜ਼ਰਅੰਦਾਜ਼ ਕਰਕੇ ਧਾਰਮਿਕ ਸੁਤੰਤਰਤਾ ਤੇ ਮਨੁੱਖੀ ਹੱਕਾਂ ਦੀ ਬਰਾਬਰੀ ਹਿੱਤ ਆਪਣਾ ਸੀਸ ਭੇਂਟ ਕੀਤਾ ਸੀ,ਜਿਸ ਲਈ ਉਨ੍ਹਾਂ ਦੀ ਇਹ ਸ਼ਹਾਦਤ ਮਨੁੱਖਤਾ ਦੇ ਇਤਿਹਾਸ ਵਿੱਚ ਇੱਕ ਅਦੁੱਤੀ ਸ਼ਹੀਦੀ ਵਜੋਂ ਪ੍ਰਵਾਨ ਹੈ ਤੇ ਅਜਿਹੀ ਸ਼ਹਾਦਤ ਦੀਏ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਨਾਂਹ ਦੇ ਬਰਾਬਰ ਹੈ ।ਇਸ ਲਈ ਅੱਜ ਅਸੀਂ ਸਭ ਇਕੱਤਰ ਹੋ ਕੇ ਆਪਣੇ ਉਸ ਮਹਾਨ ਗੁਰੂ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਪੂਰੇ ਉਤਸ਼ਾਹ ਤੇ ਸ਼ਰਧਾ ਭਾਵਨਾ ਨਾਲ ਮਨਾ ਰਹੇ ਹਾਂ ।ਉਨ੍ਹਾਂ ਨੇ ਇਸ ਮਹਾਨ ਤੇ ਇਤਿਹਾਸਕ ਉਪਰਾਲੇ ਲਈ ਮਹਾਂਰਾਸ਼ਟਰ ਸਰਕਾਰ ਵੱਲੋਂ ਨਿਭਾਈ ਗਈ ਮਹੱਤਵਪੂਰਨ ਭੂਮਿਕਾ ਲਈ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਤੇ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਤੋਂ ਇਲਾਵਾ ਮਹਾਂਰਾਸ਼ਟਰ ਸੂਬੇ 'ਚ ਵੱਸਦੇ ਸਿੱਖ ਸਮਾਜ ਦਾ ਅਹਿਮ ਹਿੱਸਾ ਲੁਬਾਣਾ,ਸਿੰਧੀ ,ਵਣਜਾਰਾ,ਸਿੱਕਲੀਗਰ, ਮੋਹੇਆਲ ਤੇ ਬਾਲਮੀਕੀ ਸਮਾਜ,ਭਗਤ ਨਾਮਦੇਵ ਜੀ ਸੰਪ੍ਰਦਾਇ ,ਉਦਾਸੀ ਸੰਤ ਸਮਾਜ ਤੇ ਹਜ਼ੂਰੀ ਖਾਲਸਾ ਤੋਂ ਮਿਲੇ ਵੱਡੇ ਸਾਥ ਲਈ ਉਨ੍ਹਾਂ ਦਾ ਦਿਲੀ ਧੰਨਵਾਦ ਵੀ ਕੀਤਾ।

ਇਸ ਮੀਟਿੰਗ ਦੌਰਾਨ ਸੰਤ ਬਾਬਾ ਰਾਮ ਸਿੰਘ ,ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਹੈੱਡ ਗ੍ਰੰਥੀ ਤਖਤ ਸ੍ਰੀ ਹਜ਼ੂਰ ਸਾਹਿਬ,ਸਿੰਘ ਸਾਹਿਬ ਗਿਆਨੀ ਗੁਰਮੀਤ ਸਿੰਘ,ਜਥੇਦਾਰ ਬਾਬਾ ਜੋਤਇੰਦਰ ਸਿੰਘ , ਵਿਜੇ ਸਤਬੀਰ ਸਿੰਘ ਚੇਅਰਮੈਨ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ,ਸੰਤ ਰਾਮ ਸਿੰਘ , ਸੰਤ ਬਾਬਾ ਬਲਵਿੰਦਰ ਸਿੰਘ ਗੁਰਦਆਰਾ ਲੰਗਰ ਸਾਹਿਬ, ਗਿਆਨੀ ਸੁਖਵਿੰਦਰ ਸਿੰਘ ਗ੍ਰੰਥੀ ਤਖ਼ਤ ਸ੍ਰੀ ਹਜ਼ੂਰ ਸਾਹਿਬ, ਮੈਂਬਰ ਪਾਰਲੀਮੈਂਟ ਸ੍ਰੀ ਅਜੀਤ ਗੋਪਚੜ੍ਹੇ,ਬਾਬੂ ਸਿੰਘ ਮਹਾਰਾਜ,ਸ੍ਰੀ ਅਸ਼ੋਕ ਚੋਹਾਨ ਸਾਬਕਾ ਮੁੱਖ ਮੰਤਰੀ ਮਹਾਂਰਾਸ਼ਟਰ,ਕੈਬਨਿਟ ਮੰਤਰੀ ਗਿਰੀਸ਼ ਮਹਾਜਨ, ਭਾਈ ਜਸਕੀਰਤ ਸਿੰਘ,ਭਾਈ ਤ੍ਰਿਲੋਕ ਸਿੰਘ ਉਲਾਸ ਨਗਰ ਵਿਧਾਇਕ ਸ੍ਰੀ ਦਸ਼ਮੇਰ ਰਾਠੋੜ,ਵਿਧਾਇਕ ਸ਼੍ਰੀ ਜਯਾ ਚੌਹਾਨ, ਸੰਤ ਰਾਮ ਸਿੰਘ ਮਹਾਰਾਜ ਲੁਬਾਣਾ ਸਮਾਜ ,ਤੇਜਾ ਸਿੰਘ ਬਾਵਰੀ ਸ਼ਿਕਲੀਗਰ ਸਮਾਜ,ਮਲਕੀਤ ਸਿੰਘ ਬੱਲ, ਭਾਈ ਸੁਰਜੀਤ ਸਿੰਘ ਗਿੱਲ, ਭਾਈ ਜਸਪਾਲ ਸਿੰਘ ਸਿੱਧੂ ਮੁੰਬਈ, ਚਰਨਜੀਤ ਸਿੰਘ ਹੈਪੀ ,ਗੁਰਮੀਤ ਸਿੰਘ ਖੋਖਰ, ਨਰਿੰਦਰ ਸਿੰਘ ਨਾਗਪੁਰ,ਗਿਆਨੀ ਸਾਹਬ ਸਿੰਘ,ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ ,ਮਹੰਤ ਸੁਰੇਸ਼ ਮਹਾਰਾਜ, ਮਹੰਤ ਮੋਹਨ ਲਾਲ ਸਾਈ, ਮਹੰਤ ਰਾਮ ਸਿੰਘ, ਮਹੰਤ ਪ੍ਰੇਮ ਸਿੰਘ, ਮਹੰਤ ਦਰਿਆ ਸਿੰਘ, ਮਹੰਤ ਸਾਧਵੀ ਮਾਇਆ ਦੇਵੀ ਤੇ ਮਹੰਤ ਕਬੀਰ ਦਾਸ ਮਹਾਰਾਜ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸ਼ਖਸ਼ੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV